ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਐਤਵਾਰ, 5 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੨੧ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

ਅੱਜ ਸਿਰਜਣਾ ਦਿਵਸ 'ਤੇ ਵਿਸ਼ੇਸ਼



## ਭਗਤੀ ਤੇ ਸ਼ਕਤੀ ਦਾ ਸੁਮੇਲ- ਸ੍ਰੀ ਅਕਾਲ ਤਖ਼ਤ ਸਾਹਿਬ ਜੀ

**ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ**

## ਪਾਕਿਸਤਾਨ 'ਚ ਵੱਡਾ ਫਿਦਾਈਨ ਹਮਲਾ

# ਕੋਸਟ ਗਾਰਡ ਕੈਂਪ 'ਚ ਵੜਿਆ ਵਿਸਫੋਟਕ ਨਾਲ ਭਰਿਆ ਟਰੱਕ

**ਇਸਲਾਮਾਬਾਦ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਬਲੋਚ ਲਿਬਰੇਸ਼ਨ ਆਰਮੀ (ਬੀਐਲਏ) ਨੇ ਗਵਾਦਰ ਦੇ ਜੀਵਾਨੀ ਖੇਤਰ ਦੇ ਪਨਵਾਨ ਵਿੱਚ ਪਾਕਿਸਤਾਨ ਕੋਸਟ ਗਾਰਡ ਕੈਂਪ 'ਤੇ ਹੋਏ ਘਾਤਕ ਆਤਮਘਾਤੀ ਹਮਲੇ ਦੀ ਜ਼ਿੰਮੇਵਾਰੀ ਲਈ ਹੈ। ਦ ਬਲੋਚਿਸਤਾਨ ਪੋਸਟ ਦੀ ਰਿਪੋਰਟ ਅਨੁਸਾਰ ਵੱਖਵਾਦੀ ਸਮੂਹ ਨੇ ਦਾਅਵਾ ਕੀਤਾ ਹੈ ਕਿ ਇਸ ਹਮਲੇ ਵਿੱਚ 30 ਤੋਂ ਵੱਧ ਪਾਕਿਸਤਾਨੀ ਸੈਨਿਕ ਮਾਰੇ ਗਏ ਅਤੇ ਦਰਜਨਾਂ ਜ਼ਖਮੀ ਹੋ ਗਏ। ਰਿਪੋਰਟਾਂ ਦੇ ਅਨੁਸਾਰ, ਇਹ ਜੋਖਮ ਭਰਿਆ ਆਪ੍ਰੇਸ਼ਨ ਬੀਐਲਏ ਦੀ ਖਾਸ ਮਜੀਦ ਬ੍ਰਿਗੇਡ ਦੁਆਰਾ ਸ਼ੁੱਕਰਵਾਰ ਸ਼ਾਮ ਨੂੰ ਕੀਤਾ ਗਿਆ ਸੀ। ਰਿਪੋਰਟਾਂ ਦੇ ਅਨੁਸਾਰ, ਇੱਕ ਆਤਮਘਾਤੀ ਹਮਲਾਵਰ, ਜਿਸਦੀ ਪਛਾਣ ਸਮੂਹ ਦੁਆਰਾ ਅਤਾਉੱਲਾ ਬਲੋਚ ਉਰਫ ਅਜਮਲ ਵਜੋਂ ਕੀਤੀ ਗਈ ਹੈ, ਨੇ ਸ਼ਾਮ 6:32 ਵਜੇ (ਸਥਾਨਕ ਸਮੇਂ) ਦੇ ਕਰੀਬ ਕਿਲ੍ਹੇ ਵਾਲੇ ਕੋਸਟ ਗਾਰਡ ਕੈਂਪ ਵਿੱਚ ਵਿਸਫੋਟਕਾਂ ਨਾਲ ਭਰੇ ਇੱਕ ਮਾਜ਼ਦਾ ਟਰੱਕ ਨਾਲ ਟੱਕਰ ਮਾਰ ਦਿੱਤੀ, ਜਿਸ ਨਾਲ ਇੱਕ ਵੱਡਾ ਧਮਾਕਾ ਹੋਇਆ। ਬੀਐਲਏ ਦੇ ਬੁਲਾਰੇ ਜ਼ਿਆਂਦ ਬਲੋਚ ਨੇ ਇੱਕ ਅਧਿਕਾਰਤ ਬਿਆਨ ਵਿੱਚ ਕਿਹਾ, "ਇਸ ਵੱਡੇ ਧਮਾਕੇ ਨੇ ਕਿਲਾਬੰਦ ਤੱਟ ਰੱਖਿਅਕ ਬਸਤੀਵਾਦੀ ਕੈਂਪ ਨੂੰ ਪੂਰੀ ਤਰ੍ਹਾਂ ਮਲਬੇ ਦੇ ਢੇਰ ਵਿੱਚ ਬਦਲ ਦਿੱਤਾ।" ਬੀਐਲਏ ਦੇ ਮੀਡੀਆ ਵਿੰਗ, ਹੱਕਲ ਨੇ ਇੱਕ 43-ਸਕਿੰਟ ਦੀ ਵੀਡੀਓ ਕਲਿੱਪ ਜਾਰੀ ਕੀਤੀ। ਇਸ ਵਿੱਚ ਕਥਿਤ ਤੌਰ 'ਤੇ ਵਿਸਫੋਟਕਾਂ ਨਾਲ ਭਰਿਆ ਇੱਕ ਟਰੱਕ ਇੱਕ ਵੱਡੇ ਧਮਾਕੇ ਤੋਂ ਕੁਝ ਪਲ ਪਹਿਲਾਂ ਕੈਂਪ ਦੇ ਅਹਾਤੇ ਵਿੱਚ ਦਾਖਲ ਹੁੰਦਾ ਦਿਖਾਇਆ ਗਿਆ ਹੈ। ਬਾਅਦ ਵਿੱਚ ਚੈਨਲ ਦੁਆਰਾ ਸਾਂਝੀ ਕੀਤੀ ਗਈ ਫੁਟੇਜ ਵਿੱਚ ਦਿਖਾਇਆ ਗਿਆ ਕਿ ਫੌਜੀ ਢਾਂਚੇ ਦਾ ਇੱਕ ਵੱਡਾ ਹਿੱਸਾ ਪੂਰੀ ਤਰ੍ਹਾਂ ਤਬਾਹ ਹੋ ਗਿਆ ਸੀ। ਗਰੁੱਪ ਨੇ ਕਿਹਾ ਕਿ ਇਸਦੇ ਰਣਨੀਤਕ ਵਿੰਗ, ਫਤਿਹ ਸਕੁਐਡ ਨੇ ਸ਼ੁਰੂਆਤੀ ਵਾਹਨ ਬੰਬਾਰੀ ਤੋਂ ਤੁਰੰਤ ਬਾਅਦ ਇੱਕ ਤਾਲਮੇਲ ਵਾਲਾ ਜ਼ਮੀਨੀ ਹਮਲਾ ਸ਼ੁਰੂ ਕਰ ਦਿੱਤਾ। ਬੀਐਲਏ ਦੇ ਬਿਆਨ ਵਿੱਚ ਕਿਹਾ ਕਿ ਹਮਲੇ ਤੋਂ ਤੁਰੰਤ ਬਾਅਦ, ਸਾਡੀ ਮੁੱਖ ਫੋਰਸ, ਫਤਿਹ ਸਕੁਐਡ, ਤੇਜ਼ੀ ਨਾਲ ਅਤੇ ਯੋਜਨਾਬੱਧ ਢੰਗ ਨਾਲ ਅੱਗੇ ਵਧੀ ਅਤੇ ਸਾਰੇ ਪਾਸਿਆਂ ਤੋਂ ਤਬਾਹ ਹੋਏ ਕੈਂਪ 'ਤੇ ਹਮਲਾ ਕੀਤਾ।



## ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਮਿਲੀ ਪੱਕੀ ਜ਼ਮਾਨਤ

**ਚੰਡੀਗੜ੍ਹ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਮੰਤਰੀ ਤੇ ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਅੱਜ ਵੱਡੀ ਰਾਹਤ ਮਿਲੀ ਹੈ। ਜਦੋਂ ਕਿ ਅਦਾਲਤ ਵਲੋਂ ਉਨ੍ਹਾਂ ਦੀ ਪੱਕੀ ਜ਼ਮਾਨਤ ਮਨਜ਼ੂਰ ਕਰ ਲਈ ਗਈ ਹੈ। ਇਸ ਦੇ ਨਾਲ ਹੀ ਅਕਾਲੀ ਆਗੂ ਜੋਧ ਸਿੰਘ ਸਮਰਾ ਤੇ ਜਤਿੰਦਰ ਸਿੰਘ ਹਮਜਾ ਨੂੰ ਵੀ ਜ਼ਮਾਨਤ ਮਿਲ ਗਈ ਹੈ। ਮਜੀਠਾ ਪੁਲਿਸ ਥਾਣੇ 'ਤੇ ਕਥਿਤ ਹਮਲੇ ਦੇ ਮਾਮਲੇ ਵਿੱਚ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਅਤੇ ਉਨ੍ਹਾਂ ਦੇ ਸਾਥੀਆਂ ਦੀ ਪੱਕੀ ਜ਼ਮਾਨਤ ਦੀ ਅਰਜ਼ੀ 'ਤੇ ਅਦਾਲਤ ਨੇ ਸੁਣਵਾਈ ਕਰਦਿਆਂ ਫ਼ੈਸਲਾ ਸੁਣਾਇਆ ਹੈ। ਕੱਲ੍ਹ ਅਦਾਲਤ ਵਿੱਚ ਪੱਕੀ ਜ਼ਮਾਨਤ ਦੀ ਅਰਜ਼ੀ 'ਤੇ ਸੁਣਵਾਈ ਹੋਈ ਸੀ। ਅਦਾਲਤ ਨੇ ਦੋਵਾਂ ਪੱਖਾਂ ਦੀਆਂ ਦਲੀਲਾਂ ਨੂੰ ਸੁਣਿਆ ਹੈ ਅਤੇ ਸ਼ਾਮ ਵੇਲੇ ਇਸ ਕੇਸ ਸਬੰਧੀ ਫ਼ੈਸਲੇ ਨੂੰ ਅੱਜ 4 ਜੁਲਾਈ ਲਈ ਰਾਖਵਾਂ ਰੱਖ ਲਿਆ ਸੀ। ਇਸ ਤੋਂ ਪਹਿਲਾਂ ਮਜੀਠੀਆ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਇਸ ਮਾਮਲੇ ਵਿੱਚ ਅਗਾਊਂ ਜ਼ਮਾਨਤ ਮਿਲ ਚੁੱਕੀ ਹੈ। ਹੁਣ ਅਦਾਲਤ ਵਿੱਚ ਪੱਕੀ ਜ਼ਮਾਨਤ ਵਾਸਤੇ ਅਰਜ਼ੀ ਦਾਇਰ ਕੀਤੀ ਗਈ ਸੀ। **ਇਸ ਦੌਰਾਨ** ਇੱਕ ਪਾਸੇ ਜਿੱਥੇ ਪੰਜਾਬ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਚੱਲ ਰਹੀਆਂ ਹਨ ਉੱਥੇ ਹੀ ਦੂਜੇ ਪਾਸੇ ਪੰਜਾਬ ਕਾਂਗਰਸ ਦੇ ਅੰਦਰ ਨਿਯੁਕਤੀਆਂ ਅਤੇ ਚੋਣ ਨਾਲ ਸਬੰਧਤ ਕਮੇਟੀਆਂ ਦੇ ਗਠਨ ਨੂੰ ਲੈ ਕੇ ਵਿਵਾਦ ਖੁੱਲ੍ਹੇਆਮ ਧੜੇਬੰਦੀ ਵਿੱਚ ਬਦਲਦਾ ਨਜ਼ਰ ਆ ਰਿਹਾ ਹੈ। ਦੱਸ ਦਈਏ ਕਿ ਸਾਬਕਾ ਮੁੱਖ ਮੰਤਰੀ ਅਤੇ ਉਨ੍ਹਾਂ ਦੇ ਸਮਰਥਕਾਂ ਵੱਲੋਂ ਸੂਬਾ ਲੀਡਰਸ਼ਿਪ 'ਤੇ ਸਵਾਲ ਉਠਾਉਣ ਤੋਂ ਬਾਅਦ, ਇਹ ਮਾਮਲਾ ਹੁਣ ਕਾਂਗਰਸ ਹਾਈ ਕਮਾਂਡ ਕੋਲ ਪਹੁੰਚ ਗਿਆ ਹੈ। ਪਾਰਟੀ ਸੂਤਰਾਂ ਅਨੁਸਾਰ, ਸੀਨੀਅਰ ਲੀਡਰਸ਼ਿਪ ਪੱਧਰ 'ਤੇ ਵਿਚਾਰ-ਵਟਾਂਦਰੇ ਤੋਂ ਬਾਅਦ ਅਗਲੇ ਹਫ਼ਤੇ ਇਸ ਮੁੱਦੇ 'ਤੇ ਅੰਤਿਮ ਫੈਸਲਾ ਹੋਣ ਦੀ ਉਮੀਦ ਹੈ।



## ਪੰਜਾਬ ਸਣੇ 18 ਸੂਬਿਆਂ 'ਚ ਭਾਰੀ ਮੀਂਹ ਤੇ ਤੂਫ਼ਾਨ ਦੀ ਚਿਤਾਵਨੀ




**ਚੰਡੀਗੜ੍ਹ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਦੇਸ਼ ਭਰ ਵਿੱਚ ਮੌਨਸੂਨ ਦਾ ਪ੍ਰਭਾਵ ਤੇਜ਼ ਹੋ ਰਿਹਾ ਹੈ। ਭਾਰਤੀ ਮੌਸਮ ਵਿਭਾਗ ਦੇ ਅਨੁਸਾਰ, ਦੱਖਣ-ਪੱਛਮੀ ਮੌਨਸੂਨ 3 ਜੁਲਾਈ ਨੂੰ ਹੋਰ ਅੱਗੇ ਵਧਿਆ, ਜਿਸਨੇ ਗੁਜਰਾਤ, ਮੱਧ ਪ੍ਰਦੇਸ਼ ਦੇ ਬਾਕੀ ਹਿੱਸਿਆਂ ਅਤੇ ਰਾਜਸਥਾਨ ਅਤੇ ਹਰਿਆਣਾ ਦੇ ਕੁਝ ਖੇਤਰਾਂ ਨੂੰ ਕਵਰ ਕੀਤਾ। ਇਸ ਦੌਰਾਨ, ਉੱਤਰ-ਪੱਛਮੀ ਬੰਗਾਲ ਦੀ ਖਾੜੀ ਉੱਤੇ ਬਣਨ ਵਾਲੇ ਇੱਕ ਘੱਟ ਦਬਾਅ ਵਾਲੇ ਖੇਤਰ ਦੇ ਕਾਰਨ ਅਗਲੇ 4 ਤੋਂ 5 ਦਿਨਾਂ ਵਿੱਚ ਕਈ ਰਾਜਾਂ ਵਿੱਚ ਭਾਰੀ ਤੋਂ ਬਹੁਤ ਜ਼ਿਆਦਾ ਬਾਰਿਸ਼ ਹੋਣ ਦੀ ਸੰਭਾਵਨਾ ਹੈ - ਮੱਧ ਅਤੇ ਪੱਛਮੀ ਭਾਰਤ ਸਮੇਤ। ਇਸ ਦੇ ਨਾਲ ਹੀ, ਉੱਤਰੀ ਭਾਰਤ ਵਿੱਚ ਮੌਸਮ ਦੇ ਹਾਲਾਤ ਬਦਲ ਰਹੇ ਹਨ; ਮੌਸਮ ਵਿਭਾਗ ਨੇ 18 ਰਾਜਾਂ ਵਿੱਚ ਹਲਕੀ ਤੋਂ ਭਾਰੀ ਬਾਰਿਸ਼, ਗਰਜ-ਤੂਫਾਨ ਦੇ ਨਾਲ-ਨਾਲ ਬਾਰਿਸ਼ ਲਈ ਚੇਤਾਵਨੀ ਜਾਰੀ ਕੀਤੀ ਹੈ। ਇਸ ਸਮੇਂ ਦੌਰਾਨ 40 ਤੋਂ 70 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਦੀ ਵੀ ਉਮੀਦ ਹੈ।

ਮੌਸਮ ਵਿਭਾਗ ਦੇ ਅਨੁਸਾਰ, 4 ਤੋਂ 6 ਜੁਲਾਈ ਦੇ ਵਿਚਕਾਰ ਕੋਂਕਣ, ਮੱਧ ਮਹਾਰਾਸ਼ਟਰ ਅਤੇ ਦੱਖਣੀ ਗੁਜਰਾਤ ਦੇ ਦੂਰ-ਦੁਰਾਡੇ ਇਲਾਕਿਆਂ ਦੇ ਨਾਲ-ਨਾਲ ਅੱਜ (4 ਜੁਲਾਈ) ਪੱਛਮੀ ਮੱਧ ਪ੍ਰਦੇਸ਼ ਅਤੇ ਓਡੀਸ਼ਾ ਵਿੱਚ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਇਸ ਤੋਂ ਇਲਾਵਾ, ਰਾਜਸਥਾਨ, ਉੱਤਰ ਪ੍ਰਦੇਸ਼, ਬਿਹਾਰ, ਝਾਰਖੰਡ, ਪੱਛਮੀ ਬੰਗਾਲ, ਛੱਤੀਸਗੜ੍ਹ, ਵਿਦਰਭ ਅਤੇ ਕਈ ਉੱਤਰ-ਪੂਰਬੀ ਰਾਜਾਂ ਵਿੱਚ ਅਗਲੇ ਕੁਝ ਦਿਨਾਂ ਵਿੱਚ ਭਾਰੀ ਮੀਂਹ, ਗਰਜ ਅਤੇ ਬਿਜਲੀ ਡਿੱਗਣ ਦਾ ਖ਼ਤਰਾ ਬਣਿਆ ਹੋਇਆ ਹੈ।

ਮੌਸਮ ਵਿਭਾਗ ਨੇ ਜਿਨ੍ਹਾਂ ਰਾਜਾਂ ਲਈ ਮੀਂਹ ਦੀ ਚੇਤਾਵਨੀ ਜਾਰੀ ਕੀਤੀ ਹੈ ਉਨ੍ਹਾਂ ਵਿੱਚ ਜੰਮੂ ਅਤੇ ਕਸ਼ਮੀਰ, ਹਿਮਾਚਲ ਪ੍ਰਦੇਸ਼, ਉੱਤਰਾਖੰਡ, ਪੰਜਾਬ, ਹਰਿਆਣਾ, ਦਿੱਲੀ, ਉੱਤਰ ਪ੍ਰਦੇਸ਼, ਰਾਜਸਥਾਨ, ਬਿਹਾਰ, ਓਡੀਸ਼ਾ, ਕੇਰਲ, ਨਾਗਾਲੈਂਡ, ਸਿੱਕਮ, ਪੱਛਮੀ ਬੰਗਾਲ, ਮੱਧ ਪ੍ਰਦੇਸ਼, ਗੁਜਰਾਤ ਅਤੇ ਮਹਾਰਾਸ਼ਟਰ ਸ਼ਾਮਲ ਹਨ।

## 4 ਜੁਲਾਈ 1955 ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਹੋਏ ਹਮਲੇ ਦੀ ਯਾਦ 'ਚ ਸ਼੍ਰੋਮਣੀ ਕਮੇਟੀ ਵੱਲੋਂ ਸਮਾਗਮ

**ਨਵੀਂ ਦਿੱਲੀ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਸੂਬਾ ਮੋਰਚੇ ਦੌਰਾਨ ਸਮੇਂ ਦੀ ਸਰਕਾਰ ਵੱਲੋਂ 4 ਜੁਲਾਈ 1955 ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਕੀਤੇ ਹਮਲੇ ਦੀ ਯਾਦ ਵਿਚ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਮਾਗਮ ਸਜਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ। ਸੰਗਤ ਨੂੰ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਸਰਵਣ ਕਰਵਾਇਆ। ਇਸ ਮੌਕੇ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਮੇਂ ਸਮੇਂ ਹਾਕਮਾਂ ਨੇ ਸਿੱਖਾਂ ਦੇ ਕੇਂਦਰੀ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਹਮਲੇ ਕਰਕੇ ਸਿੱਖ ਕੌਮ ਨੂੰ ਕਮਜ਼ੋਰ ਕਰਨ ਦੇ ਯਤਨ ਕੀਤੇ ਹਨ। ਉਨ੍ਹਾਂ ਕਿਹਾ ਕਿ ਪੰਜਾਬੀ ਸੂਬਾ ਮੋਰਚੇ ਦੌਰਾਨ ਸਿੱਖਾਂ ਦੀ ਅਵਾਜ਼ ਨੂੰ ਦਬਾਉਣ ਲਈ ਵੀ ਉਸ ਸਮੇਂ ਦੀ ਕਾਂਗਰਸ ਸਰਕਾਰ ਨੇ 4 ਜੁਲਾਈ 1955 ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਹਮਲਾ ਕੀਤਾ ਸੀ, ਜਿਸ ਨੂੰ ਕੌਮ ਭੁਲਾ ਨਹੀਂ ਸਕਦੀ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨੇ ਕਿਹਾ ਕਿ ਸਿੱਖਾਂ ਨਾਲ ਸਰਕਾਰਾਂ ਵੱਲੋਂ ਹਮੇਸ਼ਾਂ ਨਾ-ਇਨਸਾਫ਼ੀ ਕੀਤੀ ਜਾਂਦੀ ਰਹੀ ਹੈ। ਭਾਸ਼ਾ ਦੇ ਅਧਾਰ 'ਤੇ ਬਣੇ ਸੂਬਿਆਂ ਸਮੇਂ ਵੀ ਪੰਜਾਬੀਆਂ ਨਾਲ ਵਿਤਕਰਾ ਕੀਤਾ ਗਿਆ। ਇਸ ਦੇ ਵਿਰੋਧ ਵਿਚ ਜਦੋਂ ਸਿੱਖ ਕੌਮ ਨੇ ਪੰਜਾਬੀ ਸੂਬਾ ਮੋਰਚਾ ਲਗਾਇਆ ਤਾਂ ਸਰਕਾਰ ਵੱਲੋਂ ਆਪਣੀ ਤਾਕਤ ਦੀ ਦੁਰਵਰਤੋਂ ਕਰਕੇ ਅਕਾਲੀ ਯੋਧਿਆਂ ਨੂੰ ਜੇਲ੍ਹਾਂ ਵਿਚ ਡੱਕ ਦਿੱਤਾ ਗਿਆ। ਇਸੇ ਤਹਿਤ ਹੀ ਸਰਕਾਰ ਨੇ ਪੁਲਿਸ ਫੋਰਸ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਬੇਅਦਬੀ ਕੀਤੀ, ਜੋ ਅਜ਼ਾਦ ਭਾਰਤ ਵਿਚ ਸਿੱਖਾਂ ਨੂੰ ਵਿਤਕਰੇ ਵਖਰੇਵੇਂ ਦਾ ਅਹਿਸਾਸ ਕਰਵਾਉਣ ਵਾਲੀ ਸੀ। ਉਨ੍ਹਾਂ ਆਖਿਆ ਕਿ ਸਿੱਖਾਂ ਨੇ ਹਮੇਸ਼ਾ ਇਸ ਦੇਸ਼ ਲਈ ਲੜਾਈਆਂ ਲੜੀਆਂ ਪਰ ਸਰਕਾਰਾਂ ਨੇ ਸਿੱਖਾਂ ਦੀਆਂ ਹੱਕੀ ਮੰਗਾਂ ਨੂੰ ਸਦਾ ਨਜ਼ਰਅੰਦਾਜ਼ ਕੀਤਾ ਹੈ। ਇਸ ਦੌਰਾਨ ਸਜਾਏ ਗਏ ਧਾਰਮਿਕ ਦੀਵਾਨ ਸਮੇਂ ਢਾਡੀ ਜਥਿਆਂ ਨੇ ਵੀ ਸੰਗਤਾਂ ਨਾਲ ਇਤਿਹਾਸ ਦੀ ਸਾਂਝ ਪਾਈ।



4 ਜੁਲਾਈ 1955, ਹਮਲਾ ਸ੍ਰੀ ਦਰਬਾਰ ਸਾਹਿਬ

## ਸ੍ਰੀ ਅਕਾਲ ਤਖਤ ਦੇ ਆਦੇਸ਼ ਤੋਂ ਬਾਅਦ ਸ਼ਰਧਾਲੂਆਂ ਨੇ ਉਤਾਰੇ ਮੁੱਖ ਮੰਤਰੀ ਮਾਨ ਦੀ ਤਸਵੀਰ ਵਾਲੇ ਕਾਰਡ

**ਅੰਮ੍ਰਿਤਸਰ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਵਿਵਾਦਤ ਵੀਡੀਓ ਮਾਮਲੇ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖ਼ਿਲਾਫ਼ ਜਾਰੀ ਕੀਤੇ ਗਏ ਆਦੇਸ਼ ਦਾ ਅਸਰ ਅੱਜ ਇੱਥੇ ਸ੍ਰੀ ਹਰਿਮੰਦਰ ਸਾਹਿਬ ਵਿੱਚ ਦੇਖਣ ਨੂੰ ਮਿਲਿਆ। ਜ਼ਿਕਰਯੋਗ ਹੈ ਕਿ ਇਸ ਮਾਮਲੇ ਵਿੱਚ ਸ੍ਰੀ ਅਕਾਲ ਤਖਤ ਤੋਂ ਪੰਜ ਸਿੰਘ ਸਾਹਿਬਾਨ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ 'ਗੁਰੂ ਦੋਖੀ' ਅਤੇ 'ਪੰਥ ਵਿਰੋਧੀ' ਕਰਾਰ ਦਿੱਤਾ ਗਿਆ ਹੈ ਅਤੇ ਸੰਗਤ ਨੂੰ ਉਨ੍ਹਾਂ ਦਾ ਸਹਿਯੋਗ ਨਾ ਕਰਨ ਦਾ ਆਦੇਸ਼ ਦਿੱਤਾ ਗਿਆ ਹੈ। ਸ੍ਰੀ ਹਰਿਮੰਦਰ ਸਾਹਿਬ ਦੇ ਬਾਹਰ ਪਲਾਜ਼ਾ ਕੰਪਲੈਕਸ ਵਿੱਚ ਕੁਝ ਸਿੱਖ ਨੌਜਵਾਨਾਂ ਨੇ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਦਰਸ਼ਨਾਂ ਲਈ ਆਏ ਸ਼ਰਧਾਲੂਆਂ ਨੂੰ ਅਪੀਲ ਕੀਤੀ। ਉਨ੍ਹਾਂ ਆਖਿਆ ਕਿ ਗੁਰੂ ਘਰ ਦੇ ਅੰਦਰ ਜਾਣ ਸਮੇਂ ਉਹ ਮੁੱਖ ਮੰਤਰੀ ਦੀ ਤਸਵੀਰ ਵਾਲਾ ਸ਼ਨਾਖਤੀ ਕਾਰਡ ਉਤਾਰ ਕੇ ਜਾਣ। ਨੌਜਵਾਨਾਂ ਨੇ ਸ਼ਰਧਾਲੂਆਂ ਨੂੰ ਕਿਹਾ ਕਿ ਉਹ ਇਸ ਕਾਰਡ ਨੂੰ ਗਲੇ ਵਿੱਚ ਪਾਉਣ ਦੀ ਥਾਂ ਆਪਣੀ ਜੇਬ ਵਿੱਚ ਰੱਖ ਲੈਣ, ਕਿਉਂਕਿ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਮੁੱਖ ਮੰਤਰੀ ਨੂੰ ਸਹਿਯੋਗ ਨਾ ਦੇਣ ਦਾ ਆਦੇਸ਼ ਹੈ। ਇਸ ਸਬੰਧ ਵਿੱਚ ਇੱਕ ਵੀਡੀਓ ਵੀ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਹੈ, ਜਿਸ ਵਿੱਚ ਇਹ ਨੌਜਵਾਨ ਸੰਗਤ ਨੂੰ ਸ੍ਰੀ ਅਕਾਲ ਤਖਤ ਦੇ ਆਦੇਸ਼ ਬਾਰੇ ਜਾਣੂ ਕਰਵਾ ਰਹੇ ਹਨ। ਨੌਜਵਾਨਾਂ ਦੀ ਇਸ ਅਪੀਲ ਤੋਂ ਬਾਅਦ ਸ਼ਰਧਾਲੂਆਂ ਵੱਲੋਂ ਉਹ ਸ਼ਨਾਖਤੀ ਕਾਰਡ ਉਤਾਰ ਦਿੱਤੇ ਗਏ। ਇਸ ਮਾਮਲੇ ਦੀ ਪੁਸ਼ਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੀ ਕੀਤੀ ਗਈ ਹੈ। ਹਾਲਾਂਕਿ, ਉਨ੍ਹਾਂ ਸਾਫ਼ ਕੀਤਾ ਕਿ ਇਹ ਕਾਰਜ ਕੁਝ ਸਿੱਖ ਯਾਤਰੂਆਂ ਵੱਲੋਂ ਹੀ ਕੀਤਾ ਗਿਆ ਹੈ, ਜੋ ਖੁਦ ਇੱਥੇ ਨਤਮਸਤਕ ਹੋਣ ਆਏ ਸਨ।



# ਭਗਤੀ ਤੇ ਸ਼ਕਤੀ ਦਾ ਸੁਮੇਲ- ਸ੍ਰੀ ਅਕਾਲ ਤਖ਼ਤ ਸਾਹਿਬ

## ਸਿਰਜਣਾ ਦਿਵਸ ’ਤੇ ਵਿਸ਼ੇਸ਼




**ਗੁਰੂ** ਅਰਜਨ ਦੇਵ ਸਾਹਿਬ ਪਾਤਸ਼ਾਹ ਜੀ ਦੀ ਸ਼ਹਾਦਤ ਤੋਂ ਬਾਦ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਸਿੱਖ ਸੰਗਤਾਂ ਨੂੰ ਅਲੱਗ ਹੀ ਰੂਪ ਵੇਖਣ ਨੂੰ ਮਿਲਿਆ। ਉਸ ਵਕਤ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਉਮਰ ਗਿਆਰਾਂ ਸਾਲਾਂ ਦੀ ਸੀ। ਗੁਰੂ ਜੀ ਨੇ ਮੀਰੀ ਅਤੇ ਪੀਰੀ ਨਾਂਅ ਦੀਆਂ ਦੋ ਤਲਵਾਰਾਂ ਧਾਰਨ ਕੀਤੀਆਂ। ਸੇਲੀ ਟੋਪੀ ਦੀ ਜਗ੍ਹਾ ਸੋਹਣੀ ਸ਼ਾਹੀ ਠਾਠ ਵਾਲੀ ਦਸਤਾਰ ਧਾਰਨ ਕੀਤੀ, ਉੱਪਰ ਕਲਗੀ ਸਜਾਈ। ਸਿੱਖ ਸੰਗਤਾਂ ਪਾਤਸ਼ਾਹ ਜੀ ਦਾ ਇਹ ਰੂਪ ਵੇਖ ਕੇ ਹੈਰਾਨ ਸਨ। ‘ਮੀਰੀ’ ਅਤੇ ‘ਪੀਰੀ’ ਦੋਵੇਂ ਫ਼ਾਰਸੀ ਦੇ ਸ਼ਬਦ ਹਨ। ਇਸਦੇ ਅਰਥ ਵਿਦਵਾਨਾਂ ਨੇ ਇਉਂ ਕੀਤੇ ਹਨ। ‘ਮੀਰੀ’ ਦਾ ਅਰਥ ‘ਮੀਰ’ ਤੇ ‘ਮੀਰ’ ਦਾ ਅਰਥ ‘ਅਮੀਰ’ ਦਾ ਸੰਕੇਤ ਹੈ। ‘ਪੀਰੀ’ ਦਾ ਅਰਥ ‘ਪੀਰ’ ਤੇ ‘ਪੀਰ’ ਦਾ ਅਰਥ ਭਾਵ ‘ਧਾਰਮਿਕ ਆਗੂ’ ਤੋਂ ਹੈ। ਜਦੋਂ ਸਿੱਖਾਂ ਨੇ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਸਵਾਲ ਕੀਤਾ ਕਿ ਪਹਿਲੇ ਗੁਰੂ ਸਹਿਬਾਨਾਂ ਤੋਂ ਅਲੱਗ ਇਹ ਤਲਵਾਰਾਂ, ਉਹ ਵੀ ਦੋ ਕਿਉਂ ਧਾਰਨ ਕੀਤੀਆਂ ਹਨ ਤਾਂ ਗੁਰੂ ਸਾਹਿਬ ਜੀ ਨੇ ਸੰਗਤਾਂ ਨੂੰ ਜਵਾਬ ਦਿੱਤਾ ਜੋ ਭਾਈ ਸੰਤੋਖ ਜੀ ਇਸ ਤਰ੍ਹਾਂ ਲਿੱਖਦੇ ਹਨ ਕਿ:

**ਧਰੇ ਤੇਜ ਸਤਿਗੁਰੁ ਬਚ ਕਹੇ। ਹਮ ਨੇ ਇਸ ਹਿਤ ਜੁਗ ਅਸਿ ਗਹੇ।**
**ਇਕ ਤੇ ਲੇਂ ਮੀਰਨਿ ਕੀ ਮੀਰੀ। ਦੂਸਰ ਤੇ ਪੀਰਨਿ ਕੀ ਪੀਰੀ।**

ਗੁਰੂ ਜੀ ਨੇ ਗੁਰਗੱਦੀ ਤੇ ਬਿਰਾਜਮਾਨ ਹੁੰਦਿਆਂ ਹੀ ਸਭ ਸਿੱਖ ਸੰਗਤਾਂ ਨੂੰ ਹੁਕਮਨਾਮੇ ਜਾਰੀ ਕੀਤੇ ਕਿ ਅੱਜ ਤੋਂ ਸਾਨੂੰ ਵਧੀਆ ਨਸਲ ਦੇ ਘੋੜੇ, ਵਧੀਆ ਕਿਸਮ ਦੇ ਹਥਿਆਰ, ਵਧੀਆ ਤੇ ਤੰਦਰੁਸਤ ਜਵਾਨੀਆਂ ਭੇਟ ਕੀਤੀਆਂ ਜਾਣ।

**ਜੋ ਸਿਖ ਆਨਹਿ ਸ਼ਸਤ੍ਰ ਤੁਰੰਗਾ। ਹੋਇ ਖੁਸ਼ੀ ਗੁਰ ਕੀ ਸੁਖ ਸੰਗਾ।**
**ਸਭ ਆਵੈਂ ਦਰਸ਼ਨ ਹਿਤ ਕਰਿਬੇ। ਲਯਾਇ ਅਕੋਰ ਬਿਲਮ ਨਹਿੰ ਧਰਿਬੇ।**

ਗੁਰੂ ਜੀ ਦੇ ਹੁਕਮ ਅਨੁਸਾਰ ਸਿੱਖ ਸੰਗਤਾਂ ਭੇਟਾਵਾਂ ਚੜਾਉਣ ਲੱਗੀਆਂ। ਥੋੜ੍ਹੇ ਸਮੇਂ ਅੰਦਰ ਹੀ ਗੁਰੂ ਜੀ ਕੋਲ ਸਿੱਖ ਫੌਜ ਤਿਆਰ ਹੋਣੀ ਸ਼ੁਰੂ ਹੋ ਗਈ। ਦੇਖਾ ਦੇਖੀ ਇਸ ਫੌਜ ਵਿੱਚ 500 ਜਵਾਨ ਭਰਤੀ ਹੋ ਗਏ। ਕਿਸੇ ਵੀ ਜਵਾਨ ਨੇ ਤਨਖਾਹ ਦੀ ਮੰਗ ਨਹੀ ਕੀਤੀ। ਸਗੋਂ ਕਹਿੰਦੇ ਸਨ ਕਿ ਹੇ ਸੱਚੇ ਪਾਤਸ਼ਾਹ ਜੀ ਦੋ ਵਕਤ ਦੀ ਰੋਟੀ ਤੇ ਛੇ ਮਹੀਨੇ ਬਾਦ ਇੱਕ ਸੂਟ ਦੇ ਦਿਆ ਕਰੋ। ਐਸੇ ਜਵਾਨ ਗੁਰੂ ਜੀ ਦੀ ਫੌਜ ਵਿੱਚ ਭਰਤੀ ਹੋਣੇ ਸ਼ੁਰੂ ਹੋ ਗਏ ਸਨ ਜੋ ਗੁਰੂ ਜੀ ਦੇ ਇੱਕ ਇਸ਼ਾਰੇ ਤੇ ਜਾਨਾਂ ਕੁਰਬਾਨ ਕਰਨ ਲਈ ਤਿਆਰ-ਬਰ-ਤਿਆਰ ਰਹਿੰਦੇ ਸਨ। ਗੁਰੂ ਜੀ ਦੀ ਚੜ੍ਹਤ ਦੇਖ ਕੇ ਵੈਰੀਆ ਦੇ ਦਿਲ ਕੰਬਦੇ ਸਨ। ਉਹਨਾਂ ਨੇ ਜਹਾਂਗੀਰ ਨੂੰ ਸ਼ਿਕਾਇਤਾਂ ਕਰਨੀਆਂ ਸ਼ੁਰੂ ਕਰ ਦਿੱਤੀਆਂ। ਜਹਾਂਗੀਰ ਨੇ ਇੱਕ ਇਹ ਹੁਕਮ ਵੀ ਜਾਰੀ ਕਰ ਦਿੱਤਾ ਕਿ ਕੋਈ ਵੀ ਦੋ ਫੁੱਟ ਤੋਂ ਉੱਚਾ ਥੜ੍ਹਾ ਬਣਾ ਕੇ ਬੈਠ ਨਹੀ ਸਕਦਾ। ਭਾਈ ਕਾਹਨ ਸਿੰਘ ਨਾਭਾ ਲਿੱਖਦੇ ਹਨ ਕਿ: ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਸੰਮਤ 1665 ਵਿੱਚ ਸ੍ਰੀ ਅੰਮ੍ਰਿਤਸਰ ਸ੍ਰੀ ਹਰਿਮੰਦਰ ਸਾਹਿਬ ਦੇ ਸਾਹਮਣੇ ਇੱਕ ਉੱਚਾ ਰਾਜ ਸਿੰਘਾਸਨ (ਸ਼ਾਹੀ ਤਖਤ) ਤਿਆਰ ਕਰਵਾਕੇ ਉਸਦਾ ਨਾਉਂ ‘ਅਕਾਲ ਬੁੰਗਾ’ ਰੱਖਿਆ। ਜਿਸ ਥਾਂ ਸਵੇਰੇ ਅਤੇ ਸ਼ਾਮ ਨੂੰ ਦੀਵਾਨ ਲਗਾ ਕੇ ਸੰਗਤਾਂ ਨੂੰ ਨਿਹਾਲ ਕਰਦੇ ਸਨ। ਅਕਾਲ ਬੁੰਗਾ ਪੰਥਕ ਜਥੇਬੰਦੀਆ ਦਾ ਕੇਂਦਰ ਬਿੰਦੂ ਹੈ। ਪੰਥ ਇਸ ਥਾਂ ਮੁੱਢ ਤੋਂ ਗੁਰਮਤੇ ਸੋਧਦਾ ਆਇਆ ਹੈ। ਇਹ ਗੁਰਦੁਆਰਾ ਸਿੱਖਾਂ ਦਾ ਪਹਿਲਾ ਤਖਤ ਹੈ। ਇਥੇ ਗੁਰੂ ਸਹਿਬਾਨ ਅਤੇ ਧਰਮਵੀਰ ਸ਼ਹੀਦਾਂ ਦੇ ਸ਼ਸਤਰ ਸਸ਼ੋਭਿਤ ਹਨ। ਪ੍ਰਿੰ: ਤੇਜਾ ਸਿੰਘ ਤੇ ਪ੍ਰੋ. ਗੰਡਾ ਸਿੰਘ ਆਪਣੀ ਲਿੱਖਤ ਵਿੱਚ ਲਿੱਖਦੇ ਹਨ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ 1609 ਈ: ਵਿੱਚ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਸਥਾਪਨਾ ਕੀਤੀ।

ਢਾਡੀ ਅਬਦੁੱਲਾ ਤੇ ਨੱਥਾ ਮੱਲ ਨੇ ਤਖਤਨਸ਼ੀਨੀ ਤੇ ਵਾਰ ਪੜ੍ਹੀ।

**ਸੱਚਾ ਤਖਤ ਸੁਹਾਯੋ ਸ੍ਰੀ ਗੁਰ ਪਾਇਕੈ।**
**ਛਬ ਬਰਨੀ ਨਹਿ ਜਾਇ ਕਹੋ ਕਿਆ ਗਾਇਕੈ।**
**ਰਵਿ ਸਸਿ ਭਏ ਮਲੀਨ ਸੁ ਦਰਸ ਦਿਖਾਇਕੈ।**
**ਸ੍ਰੀ ਗੁਰੂ ਤਖਤ ਬਿਰਾਜੇ ਪ੍ਰਭੂ ਧਿਆਇਕੈ।**
**ਮੀਰ ਅਬਦੁੱਲ ਔ ਨਥਾ ਜਸ ਕਹੇ ਬਨਾਇਕੈ।**

ਇਸ ਜਗ੍ਹਾ ਗੁਰੂ ਹਰਿਗੋਬਿੰਦ ਪਾਤਸ਼ਾਹ ਜੀ ਪਹਿਲਵਾਨਾਂ ਦੀਆਂ ਕੁਸ਼ਤੀਆਂ ਕਰਵਾਉਂਦੇ ਤੇ ਨਾਲੇ ਫੌਜੀ ਜਵਾਨਾਂ ਦੇ ਕਰਤੱਬ ਦੇਖਦੇ ਸਨ। ਇਸੇ ਜਗ੍ਹਾ ਤੇ ਹੀ ਇੱਕ ਉੱਚਾ ਥੜ੍ਹਾ ਉਸਾਰ ਦਿੱਤਾ ਜਿਸਨੂੰ ‘ਅਕਾਲ ਬੁੰਗਾ’ ਦੇ ਨਾਂਅ ਨਾਲ ਜਾਣਿਆ ਜਾਣ ਲੱਗਾ। ਇਸ ਦੀ ਨੀਂਹ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਆਪਣੇ ਪਵਿੱਤਰ ਹੱਥਾਂ ਨਾਲ ਰੱਖੀ। ਇਸਦੀ ਇਤਨੀ ਸੰਭਾਲ ਰੱਖੀ ਕਿ ਇਹ ਥੜ੍ਹਾ ਕਿਸੇ ਮਿਸਤਰੀ ਕੋਲੋਂ ਨਹੀ ਬਣਵਾਇਆ। ਸਾਰੀ ਉਸਾਰੀ ਗੁਰੂ ਸਾਹਿਬ ਜੀ ਨੇ, ਬਾਬਾ ਬੁੱਢਾ ਜੀ ਤੇ ਭਾਈ ਗੁਰਦਾਸ ਜੀ ਨੇ ਆਪਣੇ ਹੱਥੀਂ ਕੀਤੀ। ਗੁਰ ਬਿਲਾਸ ਪਾ: ਛੇਵੀਂ ਵਿੱਚ ਲਿਖਿਆ ਹੈ ਕਿ:

**ਅਰਦਾਸ ਸ੍ਰੀ ਸਤਿਗੁਰੂ ਪੁੰਨ ਪ੍ਰਸਾਦਿ ਵਰਤਾਇ।**
**ਪ੍ਰਿਥਮ ਨੀਵ ਸਈ ਗੁਰ ਰਖੀ ਅਬਚਲ ਤਖਤ ਸਹਾਇ।**
**ਗੁਰਦਾਸ ਬੁੱਢੇ ਕੋ ਲੈ ਨਿਜ ਸਾਥਿ।**
**ਤਖਤ ਅਰੰਭ ਕਰਿ ਦੀਨਾ ਨਾਥ।**
**ਕਿਸੀ ਰਾਜ ਨਹਿ ਹਾਥ ਲਗਾਯੋ।**
**ਬੁੱਢੇ ਔ ਗੁਰਦਾਸ ਬਨਾਯੋ।**

ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਪਹਿਲੇ ਜਥੇਦਾਰ ਭਾਈ ਗੁਰਦਾਸ ਜੀ ਨੂੰ ਥਾਪਿਆ ਗਿਆ। ਜਦ ਅਕਾਲ ਦਾ ਇਹ ਸੱਚਾ ਤਖਤ ਬਣ ਕੇ ਤਿਆਰ ਹੋ ਗਿਆ ਤਾਂ ਗੁਰੂ ਹਰਿਗੋਬਿੰਦ ਸਾਹਿਬ ਜੀ ਕੇਸਰੀ ਬਾਣਾ ਪਾ ਕੇ ਸੁੰਦਰ ਦਸਤਾਰ ਤੇ ਕਲਗੀ ਸਜਾ ਕੇ ਮੀਰੀ ਅਤੇ ਪੀਰੀ ਦੀਆਂ ਦੋ ਤਲਵਾਰਾਂ ਪਹਿਨ ਕੇ ਇਸ ਤਖਤ ਤੇ ਬਿਰਾਜਮਾਨ ਹੋਏ। ਗੁਰੂ ਜੀ ਦੂਰੋਂ-ਦੂਰੋਂ ਆਈ ਸੰਗਤ ਦੇ ਫੈਸਲੇ ਜਲਦੀ ਹੀ ਕਰ ਦਿਆ ਕਰਦੇ ਹਨ। ਇਹ ਸਭ ਦੇਖ ਸੁਣ ਕੇ ਮੁਗਲਾਂ ਦੀ ਨੀਂਦ ਹਰਾਮ ਹੋ ਚੁੱਕੀ ਸੀ। ਉਸ ਸਮੇਂ ਤੋਂ ਲੈ ਕੇ ਸਮੇਂ-ਸਮੇਂ ਦੀਆਂ ਸਰਕਾਰਾਂ ਇਸ ਤਖਤ ਨੂੰ ਮਿਟਾਉਣ ਦੀਆਂ ਕੋਝੀਆਂ ਚਾਲਾਂ ਚੱਲਦੀਆ ਰਹੀਆਂ ਹਨ। ਦਰਬਾਰ ਸਾਹਿਬ ਤੇ ਸਮੇਂ ਦੀਆਂ ਸਰਕਾਰਾਂ ਵੱਲੋਂ ਕਈ ਹਮਲੇ ਕੀਤੇ ਗਏ ਜੂਨ 1984 ਵਿੱਚ ਹੋਏ ਫੌਜੀ ਹਮਲੇ ਤੋਂ ਬਾਦ ਜ਼ਾਲਮਾਂ ਨੇ ਕੋਈ ਕਸਰ ਬਾਕੀ ਨਹੀ ਛੱਡੀ ਸੀ। ਬਹੁਤ ਜ਼ਿਆਦਾ ਨੁਕਸਾਨ ਹੋਇਆ ਸੀ। ਸ੍ਰੀ ਅਕਾਲ ਤਖਤ ਸਾਹਿਬ ਤੇ ਸਸ਼ੋਭਿਤ ਗੁਰੂ ਸਾਹਿਬ, ਸਾਹਿਬਜ਼ਾਦਿਆਂ ਤੇ ਸ਼ਹੀਦ ਸਿੰਘਾਂ ਦੀਆਂ ਪਾਵਨ ਪਵਿੱਤਰ ਨੀਸ਼ਾਨੀਆਂ ਨੂੰ ਵੀ ਨੁਕਸਾਨ ਪਹੁੰਚਿਆ ਸੀ।

ਫਿਰ 13 ਸਤੰਬਰ 2012 ਨੂੰ ਬਾਬਾ ਨਰਿੰਦਰ ਸਿੰਘ ਜੀ ਹਜ਼ੂਰ ਸਾਹਿਬ ਵਾਲਿਆਂ ਵੱਲੋਂ ਇਹਨਾਂ ਨੀਸ਼ਾਨੀਆਂ ਦੀ ਸਾਂਭ ਸੰਭਾਲ ਦੀ ਸੇਵਾ ਸੰਭਾਲੀ ਗਈ ਸੀ। ਸ੍ਰੀ ਅਕਾਲ ਤਖਤ ਸਾਹਿਬ ਜੀ ਤੇ ਜੋ ਪਾਵਨ ਪਵਿੱਤਰ ਸ਼ਸਤਰ ਸੁਸ਼ੋਭਿਤ ਹਨ ਉਹਨਾਂ ਵਿੱਚ: ਮੀਰੀ ਪੀਰੀ ਦੀਆਂ ਦੋਵੇਂ ਸ੍ਰੀ ਸਾਹਿਬ, ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਇੱਕ ਗੁਰਜ, ਇੱਕ ਸਫਾਜੰਗ, ਇੱਕ ਕਟਾਰ, ਇੱਕ ਪੇਚਕਬਜ਼, ਇੱਕ ਛੋਟੀ ਸ੍ਰੀ ਸਾਹਿਬ, ਗੁਰੂ ਗੋਬਿੰਦ ਸਾਹਿਬ ਜੀ ਦੀ ਪਾਵਨ ਸ੍ਰੀ ਸਾਹਿਬ, ਦੋ ਤੀਰ, ਇੱਕ ਕਟਾਰ, ਸਾਹਿਬਜ਼ਾਦਾ ਅਜੀਤ ਸਿੰਘ ਤੇ ਜੁਝਾਰ ਸਿੰਘ ਦੀ ਇੱਕ ਇੱਕ ਕਟਾਰ, ਬਾਬਾ ਬੁੱਢਾ ਸਾਹਿਬ ਜੀ ਦੀ ਸ੍ਰੀ ਸਾਹਿਬ, ਬਾਬਾ ਦੀਪ ਸਿੰਘ ਜੀ ਦਾ ਇੱਕ ਖੰਡਾ, ਇੱਕ ਪੇਚਕਬਜ਼, ਛੋਟੀ ਸ੍ਰੀ ਸਾਹਿਬ, ਇੱਕ ਪਿਸਤੋਲ, ਦੁਮਾਲੇ ਤੇ ਸਜਾਉਣ ਵਾਲੇ 4 ਛੋਟੇ ਖੰਡੇ, ਇੱਕ ਸ੍ਰੀ ਸਾਹਿਬ, ਚਾਰ ਛੋਟੇ ਚੱਕਰ ਤੇ ਗਿਆਰਾਂ ਵੱਡੇ ਚੱਕਰ, ਭਾਈ ਜੇਠਾ ਜੀ, ਭਾਈ ਬਿਧੀ ਚੰਦ ਜੀ, ਭਾਈ ਉਦੈ ਸਿੰਘ, ਭਾਈ ਕਰਮ ਸਿੰਘ ਦੀ ਇੱਕ ਇੱਕ ਸ੍ਰੀ ਸਾਹਿਬ, ਭਾਈ ਬਚਿੱਤਰ ਸਿੰਘ ਜੀ ਦਾ ਇੱਕ ਤੇਗਾ, ਅਕਾਲੀ ਫੂਲਾ ਸਿੰਘ ਜੀ ਦਾ ਇੱਕ ਤੇਗਾ, ਇੱਕ ਖੰਡਾ, ਇੱਕ ਕਟਾਰ, ਬਾਬਾ ਗੁਰਬਖਸ਼ ਸਿੰਘ ਜੀ ਦਾ ਇੱਕ ਖੰਡਾ, ਇੱਕ ਪਿਸਤੋਲ, ਬਾਬਾ ਨੌਧ ਸਿੰਘ ਜੀ ਦਾ ਇੱਕ ਖੰਡਾ ਆਦਿ ਹਨ। ਸੰਨ 84 ਵੇਲੇ ਜਿੰਨ੍ਹਾਂ ਸ਼ਸਤਰਾਂ ਨੂੰ ਨੁਕਸਾਨ ਪਹੁੰਚਿਆ ਸੀ; ਮੀਰੀ ਵਾਲੀ ਸ੍ਰੀ ਸਾਹਿਬ ਦਾ ਇੱਕ ਹਿੱਸਾ ਟੁੱਟ ਗਿਆ ਸੀ। ਬਾਬਾ ਦੀਪ ਸਿੰਘ ਜੀ ਦੇ ਖੰਡੇ ਦੀ ਮੁੱਠ ਹਿੱਲ ਗਈ ਸੀ ਤੇ ਪਿਸਤੋਲ ਦੀ ਮੁੱਠ ਤਿੜਕ ਗਈ ਸੀ। ਬਾਬਾ ਗੁਰਬਖਸ਼ ਸਿੰਘ ਜੀ ਦੇ ਪਿਸਤੋਲ ਦਾ ਬੱਟ ਵੀ ਤਿੜਕ ਗਿਆ ਸੀ। ਹੋਰ ਵੀ ਕਈ ਸ਼ਸਤਰ ਇਸ ਹਮਲੇ ਦੌਰਾਨ ਪ੍ਰਭਾਵਿਤ ਹੋਏ ਸਨ।

ਇੱਥੇ ਇੱਕ ਗੱਲ ਕਹਿਣੀ ਬਣਦੀ ਹੈ ਕਿ ਭਾਰਤ ਵਿੱਚ ਸਿੱਖ ਕੌਮ ਨੂੰ ਉਸਦਾ ਬਣਦਾ ਮਾਣ ਸਤਿਕਾਰ ਨਹੀ ਮਿਲਿਆ। ਵਿਦੇਸ਼ਾ ਵਿੱਚ ਸਿੱਖ ਧਰਮ ਦਾ ਮਾਣ ਸਤਿਕਾਰ ਵਧਿਆ ਹੈ। ਅਮਰੀਕਾ ਵਿੱਚ ਬਣੀ ਧਾਰਮਿਕ ਗ੍ਰੰਥਾਂ ਦੀ ਲਾਇਬ੍ਰੇਰੀ ਵਿੱਚ ਸਭ ਤੋਂ ਉੱਚਾ ਦਰਜਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਦਿੱਤਾ ਗਿਆ ਹੈ। ਨਿਪਾਲ ਸਰਕਾਰ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਵਿੱਚ 250 ਰੁਪੈ ਦਾ ਸਿੱਕਾ ਜਾਰੀ ਕੀਤਾ ਹੈ ਜੋ ਸਿੱਖਾਂ ਲਈ ਬੜੇ ਮਾਣ ਸਤਿਕਾਰ ਵਾਲੀ ਗੱਲ ਹੈ। ਸੰਨ 2016 ਵਿੱਚ ਗੁਰੂ ਨਾਨਕ ਸਿੱਖ ਅਕੈਡਮੀ ਹੇਜ਼ (ਲੰਡਨ) ਵਿਖੇ ਬਾਬਾ ਬੰਦਾ ਸਿੰਘ ਬਹਾਦਰ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਤਿ ਸਿੱਖ ਰਾਜ ਦੀ ਸਥਾਪਨਾ ਕਰਨ ਵਾਲੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦਾ ਬੁੱਤ ਲਗਾਇਆ ਗਿਆ ਹੈ ਤੇ ਭਾਰਤ ਵਿੱਚ ਰੋਜ਼ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ। ਕੋਈ ਦੋਸ਼ੀ ਫੜਿਆ ਨਹੀ ਗਿਆ ਹੈ, ਜੇ ਕੋਈ ਫੜਿਆ ਵੀ ਗਿਆ ਹੈ ਤਾਂ ਕਿਸੇ ਦੋਸ਼ੀ ਨੂੰ ਕੋਈ ਸਜ਼ਾ ਨਹੀ ਦਿੱਤੀ ਗਈ। ਕਿਸੇ ਲੇਖਕ ਨੇ 84 ਦੇ ਸੀਨ ਬਾਰੇ ਬੜੇ ਸੁੰਦਰ ਸ਼ਬਦ ਲਿਖੇ ਹਨ ਕਿ ਦਰਬਾਰ ਸਾਹਿਬ ਤੇ ਐਨੇ ਹਮਲੇ ਹੋਣ ਦੇ ਬਾਵਜੂਦ ਵੀ ਸ੍ਰੀ ਅਕਾਲ ਤਖਤ ਸਾਹਿਬ ਛਾਤੀ ਚੌੜੀ ਕਰਕੇ ਅੱਜ ਵੀ ਖੜਾ ਹੈ। ਦੋ ਨਿਸ਼ਾਨ ਸਾਹਿਬ ਹਵਾ ਵਿੱਚ ਅੱਜ ਵੀ ਬੜੇ ਬੇਪ੍ਰਵਾਹ ਝੂਲ ਰਹੇ, ਇਸ ਗੱਲ ਦਾ ਸੰਕੇਤ ਦੇ ਰਹੇ ਹਨ ਕਿ ਮੈਨੂੰ ਖਤਮ ਕਰਨ ਵਾਲਿਆਂ ਦੀਆਂ ਪੀੜ੍ਹੀਆਂ ਨਾਸ ਹੋ ਜਾਣਗੀਆਂ, ਖਤਮ ਹੋ ਜਾਣਗੀਆਂ, ਪਰ ਗੁਰੂ ਸਾਹਿਬ ਜੀ ਦੀ ਬਖਸ਼ਿਸ਼ ਇਹ ਨਿਸ਼ਾਨੀਆਂ ਰਹਿੰਦੀ ਦੁਨੀਆਂ ਤੱਕ ਅਬਾਦ ਰਹਿਣਗੀਆਂ, ਜ਼ਿੰਦਾਬਾਦ ਰਹਿਣਗੀਆਂ। ਵਾਹਿਗੁਰੂ ਜੀ।

**-ਧਰਮਿੰਦਰ ਸਿੰਘ(ਚੱਬਾ), ਪਿੰਡ ਤੇ ਡਾਕ: ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ-143022**







**ਆਵਾਜ਼ਿ ਕੌਮ**
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੋ
ਟਰੇਸੀ
ਆਵਾਜ਼ਿ ਕੌਮ
AWAZE QAUM
International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731 | +1 209 624 6549 | +1 209 624 91

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਅਵਤਾਰ ਪੁਰਬ

☛ ਸਿਰਜਨਾ ਦਿਵਸ ਸ੍ਰੀ ਅਕਾਲ ਤਖ਼ਤ ਸਾਹਿਬ ਜੀ

☛ ਅਵਤਾਰ ਪੁਰਬ ਧੰਨ ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ਼ਨਿੱਚਰਵਾਰ 4 ਜੁਲਾਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਐਤਵਾਰ 5 ਜੁਲਾਈ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਗੁਰਵਿੰਦਰ ਸਿੰਘ ਰੇਸ਼ੋ ਵਾਲੇ ਇਟਲੀ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਛਬੀਲ ਲਗਾਈ ਜਾਵੇਗੀ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਸ੍ਰੀ ਹਜ਼ੂਰ ਸਾਹਿਬ ਦੇ ਹੈਡ ਗ੍ਰੰਥੀ ਸਿੰਘ ਸਾਹਿਬ ਭਾਈ ਕਸ਼ਮੀਰ ਸਿੰਘ ਜੀ ਦੀ ਸੇਵਾ ਸੰਪੂਰਣਤਾ 'ਤੇ

# ਵਿਸ਼ੇਸ਼ ਸਨਮਾਨ - ਡਾ. ਵਿਜੇ ਸਤਬੀਰ ਸਿੰਘ ਆਈ






**ਚੌਕ ਮਹਿਤਾ,4 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲ ਨਗਰ ਸਾਹਿਬ ਵਿਖੇ ਲੰਮੇ ਸਮੇਂ ਤੋਂ ਬਤੌਰ ਹੈਡ ਗ੍ਰੰਥੀ ਵਜੋਂ ਤਨਦੇਹੀ ਨਾਲ ਆਪਣੀਆਂ ਸੇਵਾਵਾਂ ਨਿਭਾ ਰਹੇ ਸਿੰਘ ਸਾਹਿਬ ਭਾਈ ਕਸ਼ਮੀਰ ਸਿੰਘ ਜੀ ਮਿਤੀ 30 ਜੂਨ 2026 ਨੂੰ ਆਪਣੀ ਸੇਵਾ ਸੰਪੂਰਨ ਕਰਕੇ ਸੇਵਾਮੁਕਤ ਹੋਏ ਹਨ। ਇਸ ਸ਼ੁਭ ਅਵਸਰ'ਤੇ ਗੁਰਦੁਆਰਾ ਸੱਚਖੰਡ ਬੋਰਡ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਜੀ ਆਈ ਏ ਐਸ (ਰਿਟਾ)ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤਖ਼ਤ ਸਾਹਿਬ ਵਿਖੇ ਵਿਸ਼ੇਸ਼ ਸਨਮਾਨ ਕੀਤਾ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV

ਸਮਾਰੋਹ ਦੌਰਾਨ ਤਖ਼ਤ ਸਾਹਿਬ ਦੇ ਸਹਾਇਕ ਜੱਥੇਦਾਰ ਸਿੰਘ ਸਾਹਿਬ ਬਾਬਾ ਰਾਮ ਸਿੰਘ ਜੀ, ਕਾਰਜਕਾਰੀ ਹੈਡ ਗ੍ਰੰਥੀ ਸਿੰਘ ਸਾਹਿਬ ਭਾਈ ਸਰਬਜੀਤ ਸਿੰਘ ਜੀ, ਮੀਤ ਗ੍ਰੰਥੀ ਸਿੰਘ ਸਾਹਿਬ ਭਾਈ ਗੁਰਮੀਤ ਸਿੰਘ ਜੀ, ਭਾਈ ਗੁਰਦੀਪ ਸਿੰਘ ਜੀ ਅਤੇ ਰਹਿਰਾਸੀਆ ਭਾਈ ਪਰਮਵੀਰ ਸਿੰਘ ਜੀ ਵਲੋਂ ਸਾਂਝੇ ਤੌਰ'ਤੇ ਸਿੰਘ ਸਾਹਿਬ ਭਾਈ ਕਸ਼ਮੀਰ ਸਿੰਘ ਜੀ ਨੂੰ ਗੁਰੂ ਘਰ ਦੀਆਂ ਬਖਸ਼ਿਸ਼ਾਂ ਵੱਜੋਂ - ਦਸਤਾਰ, ਚੋਲਾ, ਸ੍ਰੀ ਸਾਹਿਬ, ਹਾਰ ਅਤੇ ਸਿਰੋਪਾਓ ਭੇਟ ਕਰਕੇ ਉਨ੍ਹਾਂ ਦਾ ਨਿੱਘਾ ਸਤਿਕਾਰ ਤੇ ਸਨਮਾਨ ਕੀਤਾ ਗਿਆ। ਇਸ ਦੇ ਨਾਲ ਹੀ ਉਨ੍ਹਾਂ ਦੇ ਨਾਲ ਆਏ ਪਰਿਵਾਰਕ ਮੈਂਬਰਾਂ ਨੂੰ ਵੀ ਸਿਰੋਪਾਓ ਦੇ ਕੇ ਨਿਵਾਜਿਆ ਗਿਆ ਮੁੱਖ ਪ੍ਰਬੰਧਕ ਵੱਲੋਂ ਸ਼ੁਭਕਾਮਨਾਵਾਂ ਦਾ ਸੰਦੇਸ਼ ਗੁਰਦੁਆਰਾ ਬੋਰਡ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਜੀ ਨੇ ਆਪਣੇ ਵਿਸ਼ੇਸ਼ ਸੰਦੇਸ਼ ਰਾਹੀਂ ਸਿੰਘ ਸਾਹਿਬ ਭਾਈ ਕਸ਼ਮੀਰ ਸਿੰਘ ਜੀ ਵੱਲੋਂ ਤਖ਼ਤ ਸਾਹਿਬ ਵਿਖੇ ਨਿਭਾਈਆਂ ਗਈਆਂ ਮਹਾਨ ਸੇਵਾਵਾਂ ਦੀ ਪੁਰਜ਼ੋਰ ਸ਼ਲਾਘਾ ਕੀਤੀ। ਉਨ੍ਹਾਂ ਨੇ ਅਕਾਲ ਪੁਰਖ ਅੱਗੇ ਬਾਬਾ ਜੀ ਦੀ ਚੜ੍ਹਦੀ ਕਲਾ, ਲੰਮੀ ਉਮਰ ਅਤੇ ਤੰਦਰੁਸਤੀ ਲਈ ਅਰਦਾਸ ਕੀਤੀ। ਮੁੱਖ ਪ੍ਰਬੰਧਕ ਨੇ ਗੁਰਦੁਆਰਾ ਬੋਰਡ ਅਤੇ ਸਾਧ-ਸੰਗਤ ਵੱਲੋਂ ਸਿੰਘ ਸਾਹਿਬ ਜੀ ਨੂੰ ਉਨ੍ਹਾਂ ਦੇ ਅਗਲੇ ਜੀਵਨ ਸਫ਼ਰ ਲਈ ਹਾਰਦਿਕ ਸ਼ੁਭਕਾਮਨਾਵਾਂ ਭੇਟ ਕੀਤੀਆਂ ਪ੍ਰਸ਼ਾਸਕੀ ਦਫ਼ਤਰ ਵਿੱਖੇ ਵੀ ਹੋਇਆ ਵਿਸ਼ੇਸ਼ ਸਨਮਾਨ

ਇਸੇ ਲੜੀ ਤਹਿਤ ਗੁਰਦੁਆਰਾ ਸੱਚਖੰਡ ਬੋਰਡ ਦੇ ਸੁਪਰਡੈਂਟ ਸ੍ਰ. ਰਵਿੰਦਰ ਸਿੰਘ ਕਰੂਪ ਅਤੇ ਸਹਾ. ਸੁਪਰਡੈਂਟ ਸ੍ਰ. ਜੈਮਲ ਸਿੰਘ ਢਿੱਲੋਂ ਵੱਲੋਂ ਮੁੱਖ ਦਫ਼ਤਰ ਵਿੱਖੇ ਸਿੰਘ ਸਾਹਿਬ ਭਾਈ ਕਸ਼ਮੀਰ ਸਿੰਘ ਜੀ ਨੂੰ ਸ਼ਾਲ ਅਤੇ ਸਿਰੋਪਾਓ ਦੇ ਕੇ ਵਿਸ਼ੇਸ਼ ਤੌਰ'ਤੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਸ੍ਰ. ਸਤਨਾਮ ਸਿੰਘ ਰਾਗੀ, ਬੀਬੀ ਬਬੀਤਾ ਕੌਰ ਚਾਹਲ, ਸ੍ਰ. ਬਸੰਤ ਸਿੰਘ ਰਾਗੀ, ਸ੍ਰ. ਹਰਪਾਲ ਸਿੰਘ ਸਿਲੇਦਾਰ ਸਮੇਤ ਗੁਰਦੁਆਰਾ ਬੋਰਡ ਦੇ ਕਈ ਉੱਚ ਅਧਿਕਾਰੀ ਅਤੇ ਕਰਮਚਾਰੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ, ਜਿਨ੍ਹਾਂ ਨੇ ਸਿੰਘ ਸਾਹਿਬ ਦੇ ਸੁਖਾਵੇਂ ਭਵਿੱਖ ਲਈ ਦੁਆਵਾਂ ਦਿੱਤੀਆਂ।

ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦੇ 39ਵੇਂ ਸ਼ਹੀਦੀ ਸਮਾਗਮ 'ਤੇ

# ਕਿਤਾਬ 'ਸਿੱਦਕੀ ਤੇ ਸੰਘਰਸ਼ੀ' ਰਿਲੀਜ਼


**ਜਲੰਧਰ, 3 ਜੁਲਾਈ (ਰਸ਼ਿਪੰਦਰ ਕੌਰ ਗਿੱਲ)**-ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਜੀ ਦੇ 39ਵੇਂ ਸ਼ਹੀਦੀ ਸਮਾਗਮ ਦੇ ਸਬੰਧ ਵਿੱਚ ਪਿੰਡ ਧੀਰਪੁਰ (ਨੇੜੇ ਹਮੀਰਾ, ਜ਼ਿਲ੍ਹਾ ਜਲੰਧਰ) ਵਿਖੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਜੀ ਦੀ ਲਿਖੀ ਅਤੇ ਰਸ਼ਿਪੰਦਰ ਕੌਰ ਗਿੱਲ ਵੱਲੋਂ ਸੰਪਾਦਿਤ ਕੀਤੀ ਗਈ ਕਿਤਾਬ "ਸਿੱਦਕੀ ਤੇ ਸੰਘਰਸ਼ੀ" ਪੰਥਕ ਸ਼ਖ਼ਸੀਅਤਾਂ ਅਤੇ ਸ਼ਹੀਦ ਪਰਿਵਾਰਾਂ ਵੱਲੋਂ ਸਾਂਝੇ ਤੌਰ 'ਤੇ ਰਿਲੀਜ਼ ਕੀਤੀ ਗਈ। ਇਸ ਕਿਤਾਬ ਦੇ ਪੰਨਾ ਨੰਬਰ 120 'ਤੇ ਬੀਬੀ ਬਲਵਿੰਦਰ ਕੌਰ ਸੇਖੋਂ ਜੀ ਦੇ ਸਿੱਦਕੀ ਅਤੇ ਸੰਘਰਸ਼ੀ ਜੀਵਨ ਦੀ ਦਾਸਤਾਨ ਬਿਆਨ ਕੀਤੀ ਗਈ ਹੈ। ਲੇਖਕ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਜੀ ਨੇ ਇਸ ਕਿਤਾਬ ਵਿੱਚ ਉਨ੍ਹਾਂ ਬੀਬੀਆਂ ਨੂੰ 'ਸਿੱਦਕੀ' ਕਹਿ ਕੇ ਦਰਸਾਇਆ ਹੈ, ਜਿਨ੍ਹਾਂ ਨੇ ਆਪਣੇ ਸ਼ਹੀਦ ਹੋਏ ਸਿੰਘਾਂ ਦੀ ਯਾਦ ਵਿੱਚ ਆਪਣੀ ਸਾਰੀ ਜ਼ਿੰਦਗੀ ਪੰਥ ਨੂੰ ਸਮਰਪਿਤ ਕਰ ਦਿੱਤੀ। ਸਰਕਾਰਾਂ ਦੇ ਭਾਰੀ ਤਸ਼ੱਦਦ ਸਹਿਣ ਦੇ ਬਾਵਜੂਦ ਵੀ ਉਨ੍ਹਾਂ ਨੇ ਆਪਣੇ ਸ਼ਹੀਦ ਸਿੰਘਾਂ ਦੇ ਨਾਮ ਨਾਲ ਮਾਣ ਨਾਲ ਆਪਣਾ ਜੀਵਨ ਬਸਰ ਕੀਤਾ ਅਤੇ ਉਨ੍ਹਾਂ ਦੇ ਮਾਤਾ-ਪਿਤਾ ਜਾਂ ਬੱਚਿਆਂ ਦੀ ਦੇਖਭਾਲ ਕਰਨਾ ਆਪਣਾ ਮੁੱਖ ਫ਼ਰਜ਼ ਸਮਝਿਆ। ਦੱਸਣਯੋਗ ਹੈ ਕਿ ਇਹ ਕਿਤਾਬ ਹੁਣ ਤੱਕ ਪੰਜਾਬ, ਯੂ.ਕੇ., ਕੈਨੇਡਾ, ਫਰਾਂਸ (ਪੈਰਿਸ) ਅਤੇ ਬੈਲਜੀਅਮ ਵਿਖੇ ਵੱਖ-ਵੱਖ ਪੰਥਕ ਸਮਾਗਮਾਂ ਵਿੱਚ ਰਿਲੀਜ਼ ਹੋ ਚੁੱਕੀ ਹੈ। ਸੰਘਰਸ਼ੀ ਅਤੇ ਸ਼ਹੀਦ ਪਰਿਵਾਰਾਂ ਨੂੰ ਇਹ ਕਿਤਾਬ ਬਿਲਕੁਲ ਮੁਫ਼ਤ ਵੰਡੀ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# 2027 'ਚ ਬਣੇਗੀ ਆਕਾਲੀ ਦਲ ਵਾਰਿਸ ਪੰਜਾਬ ਦੀ ਬਣੇਗੀ ਸਰਕਾਰ-ਸੰਤ ਬਾਬਾ ਬਿਬੇਕ ਸਿੰਘ ਜੰਡਿਆਲਾ ਗੁਰੂ



**ਚੌਕ ਮਹਿਤਾ,4 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਪ੍ਰਧਾਨ ਭਾਈ ਅਮ੍ਰਿਤਪਾਲ ਸਿੰਘ ਦੀ ਅਗਵਾਈ 'ਚ 'ਪੰਜਾਬ ਬਚਾਓ,ਪੰਥ ਬਚਾਉ ਰੈਲੀ' ਮੁਹਿੰਮ ਨੂੰ ਲੋਕਾਂ ਦਾ ਤਗੜਾ ਹੁੰਗਾਰਾ ਮਿਲ ਰਿਹਾ ਹੈ ।ਇਹ ਪ੍ਰਗਟਾਵਾ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਸੇਵਾਦਾਰ ਸੰਤ ਬਾਬਾ ਬਿਬੇਕ ਸਿੰਘ ਗੁਰਦੁਆਰਾ ਨਾਨਕਸਰ ਸਾਹਿਬ, ਨਗਰ ਨਾਨਕਸਰ, ਜੰਡਿਆਲਾ ਗੁਰੂ ਨੇ ਅੱਜ ਇਥੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਆਖਿਆ ਕਿ ਅਕਾਲੀ ਦਲ ਵਾਰਿਸ ਪੰਜਾਬ ਦੀ ਹਰ ਰੈਲੀ ਵਿਚ ਲੋਕਾਂ ਦਾ ਠਾਠਾਂ ਮਾਰਦਾ ਇਕੱਠ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਭਾਰੀ ਬਹੁਮਤ ਨਾਲ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੀ ਸਰਕਾਰ ਬਣੇਗੀ ਅਤੇ ਭਾਈ ਅਮ੍ਰਿੰਤਪਾਲ ਸਿੰਘ ਮੁੱਖ ਮੰਤਰੀ ਹੋਣਗੇ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਦੀਆਂ ਮਾਰੂ ਨੀਤੀਆਂ ਤੋਂ ਤੰਗ ਆਏ ਲੋਕ ਆਪਣੀ ਪੰਥਕ ਪਾਰਟੀ ਦੇ ਹੱਕ ਵਿੱਚ ਡੱਟਣ ਲਈ ਕਮਰਕੱਸੇ ਕਰ ਚੁੱਕੇ ਹਨ। ਮੌਜੂਦਾ ਸਰਕਾਰ ਦੀ ਬਿਨਾਂ ਪ੍ਰਵਾਹ ਕੀਤੇ ਨੌਜਵਾਨ, ਬਜੁਰਗ ਅਤੇ ਬੀਬੀਆਂ ਵਹੀਰਾਂ ਘੱਤ ਕੇ ਅਕਾਲੀ ਦਲ ਵਾਰਿਸ ਪੰਜਾਬ ਦੀਆਂ ਰੈਲੀਆਂ ਵਿੱਚ ਪਹੁੰਚ ਰਹੇ ਹਨ। ਸੰਤ ਬਾਬਾ ਬਿਬੇਕ ਸਿੰਘ ਜੀ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਨੇ ਹਮੇਸ਼ਾਂ ਗਰੀਬਾਂ ਦੀ ਲੜਾਈ, ਕਿਸਾਨਾਂ, ਵਪਾਰੀਆਂ ਅਤੇ ਪੰਜਾਬ ਨੌਜਵਾਨਾ ਨੂੰ ਨਸ਼ੇ ਛੱਡਣ ਲਈ ਪ੍ਰੇਰਿਤ ਕੀਤਾ ਗਿਆ ਅਤੇ ਗੁਰੂ ਸਾਹਿਬ ਜੀ ਦੇ ਲੱੜ ਲਾਇਆ ਅਤੇ ਹੱਕਾਂ ਦੀ ਲੜਾਈ ਹਿੱਕ ਡਾਹ ਕੇ ਲੜੀ ਹੈ। ਜਿਸ ਕਰਕੇ ਹਰ ਵਰਗ ਨਾਲ ਸਬੰਧਤ ਲੋਕ ਹੁਣ ਆਕਾਲੀ ਦਲ ਵਾਰਿਸ ਪੰਜਾਬ ਦੀ ਸਰਕਾਰ ਨੂੰ ਦੇਖਣਾ ਚਾਹੁੰਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਧੰਨ ਧੰਨ ਬਾਬਾ ਚੰਨਣ ਜੀ ਜੌੜ ਮੇਲੇ ਨੂੰ ਸਮਰਪਿਤ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ



**ਚੌਕ ਮਹਿਤਾ, 4 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਧੰਨ ਧੰਨ ਬਾਬਾ ਜੀਵਨ ਸਿੰਘ ਜੀ ਪਿੰਡ ਦੇ ਨੌਜਵਾਨਾਂ ਨੇ ਧੰਨ ਧੰਨ ਬਾਬਾ ਚੰਨਣ ਜੀ ਪਿੰਡ ਚੰਨਣਕੇ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਰੱਲ ਮਿਲ ਕੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਇਸ ਮੌਕੇ ਤੇ ਨੌਜਵਾਨਾ ਦਾ ਉਤਸ਼ਾਹ ਦੇਖਣ ਨੂੰ ਮਿਲਿਆ ।ਹਰ ਸਾਲ ਬਾਬਾ ਚੰਨਣ ਜੀ ਜੌੜ ਮੇਲੇ ਨੂੰ ਸਮਰਪਿਤ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਜਾਂਦੀ ਹੈ। ਇਸ ਮੌਕੇ ਤੇ ਸਾਬਕਾ ਸਰਪੰਚ ਪ੍ਰਗਟ ਸਿੰਘ, ਬਲਵਿੰਦਰ ਸਿੰਘ ਬਿੱਲੂ ਖਾਲਸਾ, ਰਣਜੀਤ ਸਿੰਘ ਫੌਜੀ, ਪਹਿਲਵਾਨ ਬਲਦੇਵ ਸਿੰਘ ਵਪਾਰੀ,ਲਵਪ੍ਰੀਤ ਸਿੰਘ , ਮੈਂਬਰ ਹੀਰਾ ਸਿੰਘ, ਦਮਨਪ੍ਰੀਤ ਸਿੰਘ,ਨਿਰਮਲ ਸਿੰਘ ਨਿੰਮਾ, ਸੋਨੂੰ ਸਿੰਘ,ਸਹਿਲਪਰੀਤ ਸਿੰਘ, ਹਰਪ੍ਰੀਤ ਸਿੰਘ, ਜਗਜੀਤ ਸਿੰਘ,ਹਰਮਨਬੀਰ ਸਿੰਘ ਗੋਰਾ, ਅਨਮੋਲ ਸਿੰਘ ਬਿੱਕਰ ਸਿੰਘ, ਗਗਨਪ੍ਰੀਤ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਲਗਾਈ ਠੰਡੇ ਮਿੱਠੇ ਜਲ ਦੀ ਛਬੀਲ



**ਫ਼ਿਰੋਜ਼ਪੁਰ, 4 ਜੁਲਾਈ (ਮਨੋਹਰ ਲਾਲ) :—** ਭਿਆਨਕ ਗਰਮੀ ਨੂੰ ਦੇਖਦਿਆਂ ਹੋਇਆ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਵੱਲੋਂ ਰਘੂਨਾਥ ਮੰਦਿਰ ਫ਼ਿਰੋਜ਼ਪੁਰ ਸ਼ਹਿਰ ਵਿਖੇ ਲਗਾਈ ਠੰਡੇ—ਮਿੱਠੇ ਜਲ ਦੀ ਛਬੀਲ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੁਸਾਇਟੀ ਆਗੂਆਂ ਨੇ ਦੱਸਿਆ ਕਿ ਜ਼ਰੂਰੀ ਕੰਮ ਲਈ ਘਰੋਂ ਨਿਕਲਣ ਵਾਲੇ ਲੋਕਾਂ ਨੂੰ ਗਰਮੀ ਤੋਂ ਰਾਹਤ ਦਿਵਾਉਣ ਦੇ ਮਨੋਰਥ ਨਾਲ ਇਹ ਛਬੀਲ ਲਗਾਈ ਗਈ ਸੀ, ਜਿਸ ਵਿਚ ਵੱਡੀ ਗਿਣਤੀ ਲੋਕਾਂ ਨੇ ਛਬੀਲ ਦਾ ਪ੍ਰਸ਼ਾਦ ਗ੍ਰਹਿਣ ਕੀਤਾ। ਇਸ ਸਮੇਂ ਸੁਸਾਇਟੀ ਚੇਅਰਮੈਨ ਦੀਵਾਨ ਚੰਦ ਸੁਖੀਜਾ, ਪ੍ਰਧਾਨ ਕਿਸ਼ਨ ਚੰਦ ਜਾਗੋਵਾਲੀਆ, ਸਕੱਤਰ ਪਰਵੀਨ ਧਵਨ, ਸੀਨੀਅਰ ਮੀਤ ਪ੍ਰਧਾਨ ਰਮੇਸ਼ ਬਜਾਜ, ਕੋਆਰਡੀਨੇਟਰ ਰਾਮ ਕਿਸ਼ੋਰ, ਕਾਰਜਕਾਰੀ ਮੈਂਬਰ ਨੰਦ ਲਾਲ, ਸ੍ਰੀਮਤੀ ਸਰੋਜ਼ ਕਾਂਤਾ, ਮਿਸ ਸਿਮਰਨ, ਰਿੰਕੂ ਅਤੇ ਮੁਕੇਸ਼ ਸਮੇਤ ਸਾਰੇ ਮੈਂਬਰਾਂ ਨੇ ਸਰਗਰਮ ਸਹਿਯੋਗ ਦਿੱਤਾ। ਖਾਸ ਤੌਰ ਤੇ ਸੁਸਾਇਟੀ ਦੀ ਨਵੀਂ ਮੈਂਬਰ ਮਿਸ ਸਿਮਰਨ ਨੇ ਛਬੀਲ ਦੇ ਪ੍ਰਬੰਧ ਅਤੇ ਸੇਵਾ ਕਾਰਜ ਵਿਚ ਯੋਗਦਾਨ ਦਿੱਤਾ। ਇਸ ਮੌਕੇ ਸੁਸਾਇਟੀ ਦੇ ਮੈਂਬਰਾਂ ਨੇ ਮਨੁੱਖਤਾ ਦੀ ਸੇਵਾ ਨੂੰ ਸਭ ਤੋਂ ਵੱਡਾ ਧਰਮ ਦੱਸਦਿਆਂ ਸਮਾਜ ਵਿਚ ਸੇਵਾ, ਸਦਭਾਵਨਾ ਅਤੇ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਰ ਕਰਨ ਦਾ ਸੰਦੇਸ਼ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਅਕਾਲੀ ਦਲ

# ਵਾਰਿਸ ਪੰਜਾਬ ਦੇ

### ਭਾਈ ਮਨਦੀਪ ਸਿੰਘ ਸਿੱਧੂ ਦੇ ਪ੍ਰੋਗਰਾਮ ਦਾ ਵੇਰਵਾ-



ਭਾਈ ਮਨਦੀਪ ਸਿੰਘ ਸਿੱਧੂ
(ਜਨਰਲ ਸਕੱਤਰ ਅਕਾਲੀ ਦਲ ਵਾਰਿਸ ਪੰਜਾਬ ਦੇ)

| | |
|---|---|
| **4 ਜੁਲਾਈ** 6:00 PM - 8:00 PM | Guruduwara Guru Nanak Dev Ji Luton |
| **5 ਜੁਲਾਈ** 11:00 AM - 11:15 AM | Guruduwara Sikh Temple Leeds |
| **5 ਜੁਲਾਈ** 11:30 AM - 11:45 AM | Guruduwara Singh Sabha Bradford |
| **5 ਜੁਲਾਈ** 11:50 AM - 12:10 PM | Guruduwara Sri Guru Gobind Singh Ji Bradford |
| **5 ਜੁਲਾਈ** 12:20 PM - 12:40 PM | Guruduwara Sri Guru Nanak Dev Ji Bradford |
| **5 ਜੁਲਾਈ** 6:00 PM - 7:00 PM | Guruduwara Baba Deep Singh ji Birmingham (Soho Road) |
| **8 ਜੁਲਾਈ** 7:00 PM | Live on PBC Channel |
| **11 ਜੁਲਾਈ** 7:00 PM | 374 Cranbrook Road, Gants Hill, Ilford, IG2 6HW |
| **12 ਜੁਲਾਈ** 11:00 AM - 12:00 Noon | Guruduwara Singh Sabha Souhall |

ਆਵਾਜ਼ਿ ਕੌਮ AWAZE QAUM International Newspaper & WEB TV

### 1955 ਵਿੱਚ ਸ੍ਰੀ ਦਰਬਾਰ ਸਾਹਿਬ ਵਿਖੇ ਹੋਈ

# ਭਾਰਤੀ ਫੌਜੀ ਕਾਰਵਾਈ ਦੀ ਯਾਦ ਵਿੱਚ ਆਕਲੈਂਡ ਵਿਖੇ ਭਾਰੀ ਰੋਸ ਪ੍ਰਦਰਸ਼ਨ



**ਨਵੀਂ ਦਿੱਲੀ, 4 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**-ਨਿਊਜ਼ੀਲੈਂਡ ਦੇ ਆਕਲੈਂਡ ਸ਼ਹਿਰ ਸਥਿਤ ਗਾਂਧੀ ਸੈਂਟਰ ਵਿਖੇ ਸਿੱਖ ਜੱਥੇਬੰਦੀਆਂ ਵੱਲੋਂ 4 ਜੁਲਾਈ 1955 ਨੂੰ ਸ੍ਰੀ ਦਰਬਾਰ ਸਾਹਿਬ ਵਿਖੇ ਭਾਰਤੀ ਫੌਜ ਦੀ ਕਾਰਵਾਈ ਦੀ ਯਾਦ ਵਿੱਚ ਭਾਰੀ ਰੋਸ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨ ਦੌਰਾਨ ਭਾਗ ਲੈਣ ਵਾਲਿਆਂ ਨੇ ਬੈਨਰਾਂ ਅਤੇ ਖਾਲਸਾਈ ਨਾਅਰਿਆਂ ਰਾਹੀਂ ਆਪਣੇ ਵਿਚਾਰ ਪ੍ਰਗਟ ਕਰਦਿਆਂ ਇਸ ਘਟਨਾ ਨੂੰ ਸਿੱਖ ਇਤਿਹਾਸ ਨਾਲ ਜੁੜਿਆ ਮਹੱਤਵਪੂਰਨ ਮਾਮਲਾ ਕਰਾਰ ਦਿੱਤਾ। ਇਸ ਮੌਕੇ ਓਨ੍ਹਾ ਵਲੋਂ ਭਾਰਤੀ ਝੰਡੇ ਦੀ ਵੱਡੇ ਪੱਧਰ ਤੇ ਬੇਹੁਰਮਤੀ ਕੀਤੀ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਪ੍ਰਦਰਸ਼ਨਕਾਰੀਆਂ ਨੇ ਦਾਅਵਾ ਕੀਤਾ ਕਿ ਭਾਰਤ ਵਿੱਚ ਸਿੱਖਾਂ ਅਤੇ ਹੋਰ ਘੱਟ ਗਿਣਤੀ ਭਾਈਚਾਰਿਆਂ ਦੇ ਹੱਕਾਂ ਨਾਲ ਸਬੰਧਤ ਗੰਭੀਰ ਮੁੱਦੇ ਅਜੇ ਵੀ ਮੌਜੂਦ ਹਨ। ਉਨ੍ਹਾਂ ਅੰਤਰਰਾਸ਼ਟਰੀ ਭਾਈਚਾਰੇ ਅਤੇ ਮਨੁੱਖੀ ਅਧਿਕਾਰਾਂ ਲਈ ਕੰਮ ਕਰਨ ਵਾਲੀਆਂ ਸੰਸਥਾਵਾਂ ਨੂੰ ਇਨ੍ਹਾਂ ਮਸਲਿਆਂ ਵੱਲ ਧਿਆਨ ਦੇਣ ਦੀ ਅਪੀਲ ਕੀਤੀ। ਪ੍ਰਦਰਸ਼ਨ ਦੌਰਾਨ ਰਾਹਗੀਰਾਂ ਨੂੰ ਪੰਫਲੈਟ ਵੰਡ ਕੇ ਆਪਣਾ ਪੱਖ ਵੀ ਪੇਸ਼ ਕੀਤਾ ਗਿਆ। ਬੁਲਾਰਿਆਂ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦਾ ਸਿੱਖ ਭਾਈਚਾਰਾ ਆਪਣੇ ਇਤਿਹਾਸ, ਧਾਰਮਿਕ ਅਸਥਾਨਾਂ ਅਤੇ ਭਾਈਚਾਰੇ ਨਾਲ ਜੁੜੇ ਮਸਲਿਆਂ ਨੂੰ ਸ਼ਾਂਤਮਈ ਅਤੇ ਲੋਕਤੰਤਰੀ ਢੰਗ ਨਾਲ ਉਠਾਉਂਦਾ ਰਹੇਗਾ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮਾਂ ਦਾ ਉਦੇਸ਼ ਇਤਿਹਾਸਕ ਘਟਨਾਵਾਂ ਨੂੰ ਯਾਦ ਰੱਖਣਾ, ਵਿਚਾਰ-ਵਟਾਂਦਰੇ ਨੂੰ ਉਤਸ਼ਾਹਿਤ ਕਰਨਾ ਅਤੇ ਆਪਣੀਆਂ ਮੰਗਾਂ ਨੂੰ ਲੋਕਤੰਤਰੀ ਢੰਗ ਨਾਲ ਸੰਸਾਰ ਸਾਹਮਣੇ ਰੱਖਣਾ ਹੈ। ਇਸ ਮੌਕੇ ਰਵਿੰਦਰ ਸਿੰਘ, ਹਰਵਿੰਦਰ ਸਿੰਘ, ਅਮਨਦੀਪ ਸਿੰਘ, ਰੁਪਿੰਦਰਪਾਲ ਸਿੰਘ, ਬਲਜਿੰਦਰ ਸਿੰਘ ਨਿੱਝਰ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਹੋਰ ਹਾਜ਼ਰੀਨ ਮੌਜੂਦ ਸਨ।

ਆਵਾਜ਼ਿ ਕੌਮ AWAZE QAUM
International Newspaper & WEB TV

### ਗੁਰੂ ਘਰ ਦੇ ਲੰਗਰਾਂ ਵਿੱਚ ਪਲਾਸਟਿਕ ਬੋਤਲਾਂ ਦੀ ਵਰਤੋਂ ਦੀ ਥਾਂ

# ਬਰਤਨਾਂ ਦੀ ਪਰੰਪਰਾ ਨੂੰ ਜਾਰੀ ਰੱਖਣ ਦੀ ਮੰਗ : ਅਮ੍ਰਿਤਸਰ ਹਰਿਆਵਲ ਮੰਚ

**ਚੌਂਕ ਮਹਿਤਾ, 4 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਇੰਜ ਦਲਜੀਤ ਸਿੰਘ ਕੋਹਲੀ ਪ੍ਰਧਾਨ, ਅਮ੍ਰਿਤਸਰ ਹਰਿਆਵਲ ਮੰਚ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਅਪੀਲ ਕੀਤੀ ਗਈ ਹੈ ਕਿ ਗੁਰੂ ਘਰਾਂ ਵਿੱਚ ਪਲਾਸਟਿਕ ਦੀਆਂ ਬੋਤਲਾਂ ਵਿੱਚ ਪਾਣੀ ਦੀ ਵਰਤੋਂ ਬੰਦ ਕੀਤੀ ਜਾਵੇ। ਇੰਜ ਕੋਹਲੀ ਨੇ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੀ ਸਮਾਨਤਾ, ਸਾਂਝੀਵਾਲਤਾ, ਪੰਗਤ ਅਤੇ ਸੰਗਤ ਦੀ ਪਰੰਪਰਾ ਨੂੰ ਪੂਰੀ ਤਰ੍ਹਾਂ ਅਮਲੀ ਰੂਪ ਵਿੱਚ ਲਾਗੂ ਰੱਖਣ ਦੀ ਮੰਗ ਕੀਤੀ ਹੈ।

ਇੰਜ ਮਨਜੀਤ ਸਿੰਘ ਸੈਣੀ ਜਨਰਲ ਸਕੱਤਰ ਨੇ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਇੱਕ ਤਸਵੀਰ ਦਾ ਗੰਭੀਰ ਨੋਟਿਸ ਲੈਂਦਿਆਂ ਕਿਹਾ ਕਿ ਗੁਰੂ ਘਰ ਦਾ ਲੰਗਰ ਸਮਾਨਤਾ ਦਾ ਪ੍ਰਤੀਕ ਹੈ, ਜਿੱਥੇ ਹਰ ਵਿਅਕਤੀ ਬਰਾਬਰ ਹੈ। ਲੰਗਰ ਹਾਲ ਅੰਦਰ ਕਿਸੇ ਵੀ ਰੂਪ ਵਿੱਚ ਵੀ.ਆਈ.ਪੀ. ਸੱਭਿਆਚਾਰ ਨੂੰ ਬੜਾਵਾ ਦੇਣਾ ਗੁਰਮੱਤਿ ਸਿਧਾਂਤਾਂ ਨਾਲ ਮੇਲ ਨਹੀਂ ਖਾਂਦਾ। ਜੋ ਪਾਣੀ ਆਮ ਸੰਗਤ ਨੂੰ ਕਟੋਰੀਆਂ, ਬਾਟਿਆਂ ਜਾਂ ਗਲਾਸਾਂ ਰਾਹੀਂ ਛਕਾਇਆ ਜਾਂਦਾ ਹੈ, ਉਹੀ ਪ੍ਰਬੰਧ ਵਿਸ਼ੇਸ਼ ਮਹਿਮਾਨਾਂ, ਆਗੂਆਂ, ਵਿਧਾਇਕਾਂ ਅਤੇ ਹੋਰ ਅਹੁਦੇਦਾਰਾਂ ਲਈ ਵੀ ਹੋਣਾ ਚਾਹੀਦਾ ਹੈ। ਵੱਖਰੇ ਤੌਰ 'ਤੇ ਪਲਾਸਟਿਕ ਦੀਆਂ ਬੋਤਲਾਂ ਮੁਹੱਈਆ ਕਰਵਾਉਣਾ ਸਮਾਨਤਾ ਦੇ ਸਿਧਾਂਤ ਨਾਲ ਸੁਮੇਲ ਨਹੀਂ ਹੈ। ਇੰਜ ਮਨਜੀਤ ਸਿੰਘ ਸੈਣੀ ਨੇ ਦੱਸਿਆ ਕਿ ਸਿੰਗਲ-ਯੂਜ਼ ਪਲਾਸਟਿਕ ਬੋਤਲਾਂ (ਪੋਲੇਥਾਈਲੀਨ ਟੈਰੀ ਫੈਥਾਲੇਟ ਪ੍ਰਦੂਸ਼ਣ ਦਾ ਇੱਕ ਵੱਡਾ ਕਾਰਨ ਹਨ। ਇਹ ਪਾਲੀਥੀਨ ਕਦੇ ਰੀਸਾਈਕਲ ਨਹੀਂ ਹੁੰਦਾ, ਜਿਸ ਕਾਰਨ ਇਹ ਧਰਤੀ, ਜਲ ਸਰੋਤਾਂ ਅਤੇ ਜੀਵ-ਜੰਤੂਆਂ ਲਈ ਘਾਤਕ ਖ਼ਤਰਾ ਬਣਦਾ ਹੈ। ਸਮੇਂ ਦੇ ਨਾਲ ਇਹ ਮਾਈਕ੍ਰੋ -ਪਲਾਸਟਿਕ ਵਿੱਚ ਤਬਦੀਲ ਹੋ ਕੇ ਮਨੁੱਖੀ ਭੋਜਨ ਤੱਕ ਪਹੁੰਚ ਰਿਹਾ ਹੈ, ਜਿਸ ਦੇ ਭਿਆਨਕ ਨਤੀਜੇ ਸਿਹਤ 'ਤੇ ਪੈ ਰਹੇ ਹਨ।

ਆਵਾਜ਼ਿ ਕੌਮ AWAZE QAUM
International Newspaper & WEB TV



ਡਾ ਨਿਰਮਲ ਸਿੰਘ ਆਨੰਦ ਵੱਲੋਂ ਤਸਵੀਰ ਵਿੱਚ ਨਜ਼ਰ ਆ ਰਹੇ ਜ਼ਿੰਮੇਵਾਰ ਜਨਤਕ ਸੇਵਕਾਂ ਅਤੇ ਵਿਧਾਇਕਾਂ ਨੂੰ ਚੇਤੇ ਕਰਵਾਇਆ ਜਾਂਦਾ ਹੈ ਕਿ ਸਰਕਾਰ ਵੱਲੋਂ ਸਿੰਗਲ-ਯੂਜ਼ ਪਲਾਸਟਿਕ ਵਿਰੁੱਧ ਬਣਾਏ ਗਏ ਕਾਨੂੰਨਾਂ 'ਤੇ ਪਹਿਰਾ ਦੇਣਾ ਅਤੇ ਸਮਾਜ ਸਾਹਮਣੇ ਮਿਸਾਲ ਪੇਸ਼ ਕਰਨ ਲਈ ਪਹਿਲਕਦਮੀ ਕਰਨਾ ਉਨ੍ਹਾਂ ਦਾ ਮੁਢਲਾ ਫਰਜ਼ ਸੀ, ਜਿਸ ਨੂੰ ਵਿਧਾਇਕਾਂ ਵਲੋਂ ਮੁੱਢੋਂ ਹੀ ਨਜ਼ਰ ਅੰਦਾਜ਼ ਕੀਤਾ ਗਿਆ ਹੈ।

ਅੰਮ੍ਰਿਤਸਰ ਹਰਿਆਵਲ ਮੰਚ ਦੇ ਸਮੂਹ ਮੈਂਬਰਾਨ , ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਬਹੁਤ ਹੀ ਸਤਿਕਾਰ ਅਤੇ ਨਿਮਰਤਾ ਸਹਿਤ ਬੇਨਤੀ ਕਰਦੇ ਹਨ ਕਿ ਗੁਰੂ ਘਰਾਂ ਵਿੱਚ ਪਾਣੀ ਦੀ ਸੇਵਾ ਸੰਗਤ-ਪੰਗਤ ਦੀ ਰਵਾਇਤੀ ਮਰਯਾਦਾ ਅਨੁਸਾਰ ਹੀ ਇੱਕਸਾਰ ਯਕੀਨੀ ਬਣਾਈ ਜਾਵੇ। ਮੰਚ ਨੇ ਇੱਕ ਵਿਸ਼ੇਸ਼ ਨੁਕਤਾ ਚੁੱਕਦਿਆਂ ਕਿਹਾ ਕਿ ਜਦੋਂ ਅਸੀਂ ਰਵਾਇਤੀ ਬਰਤਨਾਂ (ਗਲਾਸਾਂ/ਕਟੋਰੀਆਂ) ਵਿੱਚ ਪਾਣੀ ਵਰਤਾਵਾਂਗੇ, ਤਾਂ ਇਸ ਨਾਲ ਗੁਰੂ ਘਰ ਦੀ ਸਭ ਤੋਂ ਪਵਿੱਤਰ 'ਬਰਤਨ ਮਾਂਜਣ ਦੀ ਸੇਵਾ ਅਤੇ ਮਰਯਾਦਾ' ਕਾਇਮ ਰਹੇਗੀ। ਪਲਾਸਟਿਕ ਦੀਆਂ ਬੋਤਲਾਂ ਦੀ ਵਰਤੋਂ ਨਾਲ ਗੁਰੂ ਘਰਾਂ ਵਿੱਚ ਥਾਂ-ਥਾਂ ਪਲਾਸਟਿਕ ਇਕੱਠਾ ਕਰਨ ਲਈ ਵੱਡੇ-ਵੱਡੇ ਡਸਟਬਿਨ ਰੱਖਣੇ ਪੈਣਗੇ, ਜੋ ਕੁਦਰਤੀ ਸੁੰਦਰਤਾ ਅਤੇ ਪਵਿੱਤਰਤਾ ਦੇ ਅਨੁਕੂਲ ਨਹੀਂ ਹਨ।

ਗੁਰੂ ਘਰ ਸਿਰਫ਼ ਧਾਰਮਿਕ ਅਸਥਾਨ ਹੀ ਨਹੀਂ, ਸਗੋਂ ਸਮਾਜ ਨੂੰ ਸੇਧ ਦੇਣ ਵਾਲੇ ਕੇਂਦਰ ਹਨ। ਜੇਕਰ ਸਾਡੀਆਂ ਸਿਰਮੌਰ ਸੰਸਥਾਵਾਂ ਮੰਚ ਦੇ ਮੈਂਬਰ ਮਨਦੀਪ ਸਿੰਘ ਅਤੇ ਕਿਰਪਾਲ ਸਿੰਘ ਬੱਬਰ ਨੇ ਕਿਹਾ ਕਿ ਗੁਰਦੁਆਰਿਆਂ ਨੂੰ ਮੁਕੰਮਲ ਪਲਾਸਟਿਕ-ਮੁਕਤ ਬਣਾਉਣ ਵੱਲ ਇਹ ਠੋਸ ਕਦਮ ਚੁੱਕਦੀਆਂ ਹਨ, ਤਾਂ ਇਹ ਵਾਤਾਵਰਣ ਦੀ ਰੱਖਿਆ ਲਈ ਪੂਰੀ ਦੁਨੀਆ ਵਿੱਚ ਇੱਕ ਮਿਸਾਲ ਕਾਇਮ ਕਰੇਗਾ।

# ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਲਗਾਇਆ ਗਿਆ ਵਿਸ਼ਾਲ ਗੁਰੂ ਕਾ ਲੰਗਰ

## ਬੀਬੀ ਰਣਜੀਤ ਕੌਰ ਅਤੇ ਗੁਰਪ੍ਰੀਤ ਸਿੰਘ ਨੇ ਦਿੱਤਾ ਨਿਸ਼ਕਾਮ ਸੇਵਾ ਦਾ ਸੰਦੇਸ਼, ਸੈਂਕੜਿਆਂ ਸੰਗਤਾਂ ਅਤੇ ਰਾਹਗੀਰਾਂ ਨੇ ਛਕਿਆ ਗੁਰੂ ਕਾ ਅਟੁੱਟ ਲੰਗਰ



ਨਵੀਂ ਦਿੱਲੀ, 4 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪਾਵਨ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਸ਼ਾਹਪੁਰਾ ਵਿਖੇ ਬੀਬੀ ਰਣਜੀਤ ਕੌਰ ਅਤੇ ਗੁਰਪ੍ਰੀਤ ਸਿੰਘ (ਪਰੀ ਇਵੈਂਟ ਪ੍ਰਾਈਵੇਟ ਲਿਮਿਟੇਡ) ਦੇ ਸਹਿਯੋਗ ਨਾਲ ਲੋੜਵੰਦਾਂ ਅਤੇ ਸੰਗਤ ਲਈ ਵਿਸ਼ਾਲ ਗੁਰੂ ਕਾ ਲੰਗਰ ਲਗਾਇਆ ਗਿਆ। ਇਸ ਸੇਵਾ ਵਿੱਚ ਵੱਡੀ ਗਿਣਤੀ ਵਿੱਚ ਸੰਗਤ, ਸਥਾਨਕ ਨਿਵਾਸੀਆਂ ਅਤੇ ਰਾਹਗੀਰਾਂ ਨੇ ਸ਼ਮੂਲੀਅਤ ਕਰਕੇ ਗੁਰੂ ਦਾ ਅਟੁੱਟ ਲੰਗਰ ਛਕਿਆ ਅਤੇ ਪ੍ਰਕਾਸ਼ ਪੁਰਬ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਲੰਗਰ ਸੇਵਾ ਦੌਰਾਨ ਸੰਗਤ ਨੂੰ ਵਿਸ਼ੇਸ਼ ਤੌਰ 'ਤੇ ਮਿੱਸੀ ਰੋਟੀ ਅਤੇ ਠੰਡੀ ਲੱਸੀ ਦਾ ਪ੍ਰਸਾਦ ਵਰਤਾਇਆ ਗਿਆ। ਸੇਵਾਦਾਰਾਂ ਨੇ ਪੂਰੇ ਸਮਰਪਣ, ਪਿਆਰ ਅਤੇ ਨਿਮਰਤਾ ਨਾਲ ਸੰਗਤ ਦੀ ਸੇਵਾ ਕਰਦਿਆਂ ਸਿੱਖ ਧਰਮ ਦੀ ਮਹਾਨ ਲੰਗਰ ਪਰੰਪਰਾ ਨੂੰ ਸਾਕਾਰ ਕੀਤਾ। ਇਸ ਮੌਕੇ ਸਮਾਜ ਵਿੱਚ ਭਾਈਚਾਰੇ, ਬਰਾਬਰੀ, ਮਨੁੱਖਤਾ ਅਤੇ ਨਿਸ਼ਕਾਮ ਸੇਵਾ ਦਾ ਸੰਦੇਸ਼ ਵੀ ਦਿੱਤਾ ਗਿਆ। ਇਸ ਮੌਕੇ ਬੀਬੀ ਰਣਜੀਤ ਕੌਰ ਨੇ ਕਿਹਾ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਮੀਰੀ-ਪੀਰੀ ਦੇ ਸਿਧਾਂਤ ਰਾਹੀਂ ਧਰਮ ਦੀ ਰੱਖਿਆ, ਮਨੁੱਖਤਾ ਦੀ ਸੇਵਾ ਅਤੇ 'ਸਰਬੱਤ ਦਾ ਭਲਾ' ਦਾ ਮਹਾਨ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਲੋੜਵੰਦਾਂ ਦੀ ਸੇਵਾ ਕਰਨਾ ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ 'ਤੇ ਅਮਲ ਕਰਨਾ ਹੈ ਅਤੇ ਭਵਿੱਖ ਵਿੱਚ ਵੀ ਅਜਿਹੇ ਲੋਕ ਭਲਾਈ ਦੇ ਕਾਰਜ ਨਿਰੰਤਰ ਜਾਰੀ ਰਹਿਣਗੇ। ਇਸ ਮੌਕੇ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਗੁਰੂ ਕਾ ਲੰਗਰ ਸਿੱਖ ਧਰਮ ਦੀ ਉਹ ਮਹਾਨ ਪਰੰਪਰਾ ਹੈ, ਜਿੱਥੇ ਬਿਨਾਂ ਕਿਸੇ ਜਾਤ-ਪਾਤ, ਧਰਮ ਜਾਂ ਵਰਗ ਦੇ ਭੇਦਭਾਵ ਤੋਂ ਹਰ ਵਿਅਕਤੀ ਨੂੰ ਇੱਕੋ ਪੰਗਤ ਵਿੱਚ ਬਿਠਾ ਕੇ ਭੋਜਨ ਛਕਾਇਆ ਜਾਂਦਾ ਹੈ। ਇਹ ਪਰੰਪਰਾ ਬਰਾਬਰੀ, ਭਾਈਚਾਰੇ ਅਤੇ ਮਨੁੱਖਤਾ ਦਾ ਜੀਵੰਤ ਪ੍ਰਤੀਕ ਹੈ। ਉਨ੍ਹਾਂ ਨੌਜਵਾਨਾਂ ਨੂੰ ਸਮਾਜ ਸੇਵਾ ਨਾਲ ਜੁੜਨ ਅਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੱਦਾ ਵੀ ਦਿੱਤਾ। ਵਰਨਣਯੋਗ ਹੈ ਕਿ ਬੀਬੀ ਰਣਜੀਤ ਕੌਰ ਦਿੱਲੀ ਕਮੇਟੀ ਦੀ ਸੀਨੀਅਰ ਮੈਂਬਰ ਹੋਣ ਦੇ ਨਾਲ-ਨਾਲ ਧਾਰਮਿਕ, ਸਮਾਜਿਕ ਅਤੇ ਲੋਕ ਭਲਾਈ ਦੇ ਕਾਰਜਾਂ ਵਿੱਚ ਲਗਾਤਾਰ ਸਰਗਰਮ ਭੂਮਿਕਾ ਨਿਭਾ ਰਹੇ ਹਨ। ਗਰੀਬ ਅਤੇ ਲੋੜਵੰਦ ਲੋਕਾਂ ਦੀ ਸਹਾਇਤਾ, ਸਿੱਖ ਪੰਥ ਦੀ ਸੇਵਾ ਅਤੇ ਸਮਾਜ ਭਲਾਈ ਦੇ ਖੇਤਰ ਵਿੱਚ ਉਨ੍ਹਾਂ ਦੇ ਯੋਗਦਾਨ ਦੀ ਇਲਾਕੇ ਭਰ ਵਿੱਚ ਭਰਪੂਰ ਸ਼ਲਾਘਾ ਕੀਤੀ ਜਾਂਦੀ ਹੈ। ਪ੍ਰੋਗਰਾਮ ਦੇ ਅੰਤ ਵਿੱਚ ਹਾਜ਼ਰ ਸੰਗਤ ਨੇ ਲੰਗਰ ਸੇਵਾ ਵਿੱਚ ਯੋਗਦਾਨ ਪਾਉਣ ਵਾਲੇ ਸਮੂਹ ਸੇਵਾਦਾਰਾਂ, ਸਹਿਯੋਗੀਆਂ ਅਤੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਇਸ ਪੁੰਨ ਦੇ ਕਾਰਜ ਦੀ ਭਰਪੂਰ ਪ੍ਰਸ਼ੰਸਾ ਕੀਤੀ।

ਆਵਾਜ਼ਿ ਕੌਮ AWAZE QAUM
International Newspaper & WEB TV

# 4 ਜੁਲਾਈ 1955 ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਹੋਏ ਹਮਲੇ ਦੀ ਯਾਦ 'ਚ ਸ਼੍ਰੋਮਣੀ ਕਮੇਟੀ ਵੱਲੋਂ ਸਮਾਗਮ



ਨਵੀਂ ਦਿੱਲੀ, 4 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਪੰਜਾਬੀ ਸੂਬਾ ਮੋਰਚੇ ਦੌਰਾਨ ਸਮੇਂ ਦੀ ਸਰਕਾਰ ਵੱਲੋਂ 4 ਜੁਲਾਈ 1955 ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਕੀਤੇ ਹਮਲੇ ਦੀ ਯਾਦ ਵਿਚ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਮਾਗਮ ਸਜਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਬਲਦੇਵ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ। ਸੰਗਤ ਨੂੰ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਸਰਵਣ ਕਰਵਾਇਆ। ਇਸ ਮੌਕੇ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਇਤਿਹਾਸ ਸਾਂਝਾ ਕਰਦਿਆਂ ਕਿਹਾ ਕਿ ਸਮੇਂ ਸਮੇਂ ਹਾਕਮਾਂ ਨੇ ਸਿੱਖਾਂ ਦੇ ਕੇਂਦਰੀ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਹਮਲੇ ਕਰਕੇ ਸਿੱਖ ਕੌਮ ਨੂੰ ਕਮਜ਼ੋਰ ਕਰਨ ਦੇ ਯਤਨ ਕੀਤੇ ਹਨ। ਪਹਿਲਾਂ ਬਾਹਰੀ ਹਮਲਾਵਰਾਂ ਵੱਲੋਂ ਹਮਲੇ ਕੀਤੇ ਜਾਂਦੇ ਸਨ, ਪਰ 1955 ਵਿਚ ਅਜ਼ਾਦ ਭਾਰਤ ਦੀ ਸਰਕਾਰ ਵੱਲੋਂ ਹੀ ਹਮਲਾ ਹੋਇਆ। ਸਰਲਾਰਾਂ ਦੀ ਮਨਸ਼ਾ ਸਿਧਾਂਤਾਂ ਨੂੰ ਕਮਜ਼ੋਰ ਕਰਕੇ ਪ੍ਰੰਪਰਾਵਾਂ ਤੋਂ ਦੂਰ ਕਰਨ ਦੀ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਸੂਬਾ ਮੋਰਚੇ ਦੌਰਾਨ ਵੀ ਸਿੱਖਾਂ ਦੀ ਅਵਾਜ਼ ਨੂੰ ਦਬਾਉਣ ਲਈ ਉਸ ਸਮੇਂ ਦੀ ਕਾਂਗਰਸ ਸਰਕਾਰ ਨੇ 4 ਜੁਲਾਈ 1955 ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਹਮਲਾ ਕੀਤਾ ਸੀ, ਜਿਸ ਨੂੰ ਕੌਮ ਭੁਲਾ ਨਹੀਂ ਸਕਦੀ। ਉਨ੍ਹਾਂ ਕਿਹਾ ਕਿ ਸਿੱਖ ਕੌਮ ਨੇ ਪੰਜਾਬੀ ਸੂਬਾ ਮੋਰਚਾ ਲਗਾਇਆ ਤਾਂ ਸਰਕਾਰ ਵੱਲੋਂ ਆਪਣੀ ਤਾਕਤ ਦੀ ਦੁਰਵਰਤੋਂ ਕਰਕੇ ਅਕਾਲੀ ਯੋਧਿਆਂ ਨੂੰ ਜੇਲ੍ਹਾਂ ਵਿਚ ਡੱਕ ਦਿੱਤਾ ਗਿਆ। ਇਸੇ ਤਹਿਤ ਹੀ ਸਰਕਾਰ ਨੇ ਪੁਲਿਸ ਫੋਰਸ ਭੇਜ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਬੇਅਦਬੀ ਕੀਤੀ, ਜੋ ਅਜ਼ਾਦ ਭਾਰਤ ਵਿਚ ਸਿੱਖਾਂ ਨੂੰ ਵਿਤਕਰੇ ਦਾ ਅਹਿਸਾਸ ਕਰਵਾਉਣ ਵਾਲੀ ਸੀ। ਉਨ੍ਹਾਂ ਕਿਹਾ ਕਿ ਹਕੂਮਤਾਂ ਦੀ ਇਹ ਵੀ ਚਾਲ ਰਹੀ ਹੈ ਕਿ ਸਿੱਖਾਂ ਨੂੰ ਪਾੜ ਕੇ ਆਪਣੇ ਮਨਸੂਬੇ ਪੂਰੇ ਕੀਤੇ ਜਾਣ। ਦੁਖ ਦੀ ਗੱਲ ਇਹ ਹੈ ਕਿ ਅਸੀਂ ਸਰਕਾਰਾਂ ਦੀਆਂ ਚਾਲਾਂ ਵੀ ਸਮਝ ਨਹੀਂ ਰਹੇ। ਇਸ ਦੌਰਾਨ ਸਜਾਏ ਗਏ ਧਾਰਮਿਕ ਦੀਵਾਨ ਸਮੇਂ ਢਾਡੀ ਜਥਿਆਂ ਨੇ ਵੀ ਸੰਗਤਾਂ ਨਾਲ ਇਤਿਹਾਸ ਦੀ ਸਾਂਝ ਪਾਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਮੇਜਰ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਨਰਿੰਦਰ ਸਿੰਘ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਸ. ਗੁਰਤਿੰਦਰਪਾਲ ਸਿੰਘ ਕਾਦੀਆਂ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਅਤੇ ਸੰਗਤਾਂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM
International Newspaper & WEB TV

# ਦੇਗ ਤੇਗ ਫ਼ਤਹਿ
# ਪੰਥ ਕੀ ਜੀਤ



ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਪਾਰਕ ਐਵਨਿਊ ਵਿਖੇ

# ਮਹਾਨ ਸ਼ਹੀਦੀ ਸਮਾਗਮ

## 24 ਤੋਂ 26 ਜੁਲਾਈ 2026

**ਅਰੰਭ**
ਸ੍ਰੀ ਅਖੰਡਪਾਠ ਸਾਹਿਬ
24 ਜੁਲਾਈ 2026

**ਭੋਗ**
ਸ੍ਰੀ ਅਖੰਡਪਾਠ ਸਾਹਿਬ
26 ਜੁਲਾਈ 2026

## ਸ਼ਹੀਦ ਸਿੰਘਾਂ ਦੀ ਯਾਦ ਵਿੱਚ

- ਸ਼ਹੀਦ ਜਨਰਲ ਲਾਭ ਸਿੰਘ — ਮੁਖੀ ਖਾਲਿਸਤਾਨ ਕਮਾਂਡੋ ਫੋਰਸ
- ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
- ਸ਼ਹੀਦ ਜਨਰਲ ਗੁਰਜੰਟ ਸਿੰਘ ਬੁੱਧਸਿੰਘ ਵਾਲਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
- ਸ਼ਹੀਦ ਭਾਈ ਮਹਿੰਦਰ ਸਿੰਘ ਟੋਰਾਂਟੋ (ਕਨੇਡਾ)
- ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ — ਜਥੇਦਾਰ ਬੱਬਰ ਖਾਲਸਾ
- ਸ਼ਹੀਦ ਭਾਈ ਰਸ਼ਪਾਲ ਸਿੰਘ ਛੰਦੜਾ — ਜਨਰਲ ਭਿੰਡਰਾਂ ਵਾਲਾ ਟਾਈਗਰ ਫੋਰਸ

## ਸ਼ਹੀਦੀ ਸਮਾਗਮ

ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 11 ਵਜੇ ਤੋਂ 1 ਵਜੇ ਤੱਕ ਦੀਵਾਨ ਸਜਾਏ ਜਾਣਗੇ।
ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਬਾਰੇ ਆਪਣੇ ਵਿਚਾਰ ਦੇਣਗੇ।
ਸਮੂਹ ਪੰਥਕ ਆਗੂਆਂ ਨੂੰ ਸੱਦਾ ਦਿੱਤਾ ਜਾਂਦਾ ਹੈ।

**ਸੰਗਤਾਂ ਨੂੰ ਵਧ-ਚੜ੍ਹ ਕੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।**

## ਸਿੱਖ ਫੈਡਰੇਸ਼ਨ, ਯੂ . ਕੇ .

ਪਰਮਿੰਦਰ ਸਿੰਘ ਬੱਲ — ਪ੍ਰਧਾਨ | ਅਜੀਤਪਾਲ ਸਿੰਘ ਸਹੋਤਾ — ਜਨਰਲ ਸਕੱਤਰ | ਹਰਮੇਲ ਸਿੰਘ ਖਾਲਸਾ — ਆਰਗੇਨਾਈਜ਼ਰ

ਟੈਲੀਫ਼ੋਨ: 07771608 363 | ਈ-ਮੇਲ: PSBAL46@gmail.com

### ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਵੱਲੋਂ

# ਮਹਾਂਪੁਰਖ ਸੰਤ ਬਾਬਾ ਭਗਤ ਮਿਲਖਾ ਸਿੰਘ ਦਾ ਹਾਲ ਚਾਲ ਪੁੱਛਿਆ







## ਜਲਦੀ ਸਿਹਤਯਾਬੀ ਲਈ ਕੀਤੀ ਅਰਦਾਸ

ਫ਼ਿਰੋਜ਼ਪੁਰ, 04 ਜੁਲਾਈ (ਮਨੋਹਰ ਲਾਲ) :— ਸਿੱਖ ਪੰਥ ਦੀ ਸਿਰਮੌਰ ਸੰਪਰਦਾਇ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਵਿਸ਼ੇਸ਼ ਤੌਰ ਤੇ ਗੁਰਦੁਆਰਾ ਸ੍ਰੀ ਗੁਰੂ ਰਾਮਦਾਸਪੁਰੀ ਅਰਮਾਨਪੁਰਾ ਅਸਲ ਵਿਖੇ ਪਹੁੰਚੇ। ਇਥੇ ਉਨ੍ਹਾਂ ਨੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਅਤੇ ਮਹਾਨ ਪੰਥਕ ਸ਼ਖਸੀਅਤ ਸ਼੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਦਾ ਹਾਲ ਚਾਲ ਪੁੱਛਿਆ। ਜ਼ਿਕਰਯੋਗ ਹੈ ਕਿ ਸੰਤ ਬਾਬਾ ਭਗਤ ਮਿਲਖਾ ਸਿੰਘ ਪਿਛਲੇ ਕਾਫ਼ੀ ਲੰਮੇ ਸਮੇਂ ਤੋਂ ਸਰੀਰਕ ਤੌਰ ਤੇ ਬਿਮਾਰ ਚੱਲ ਰਹੇ ਹਨ।

ਇਸ ਭਾਵੁਕ ਅਤੇ ਅਧਿਆਤਮਿਕ ਮਿਲਣੀ ਦੌਰਾਨ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਨੇ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਕਿ ਸੱਚੇ ਪਾਤਸ਼ਾਹ ਬਾਬਾ ਭਗਤ ਮਿਲਖਾ ਸਿੰਘ ਨੂੰ ਜਲਦੀ ਤੋਂ ਜਲਦੀ ਪੂਰਨ ਤੰਦਰੁਸਤੀ ਬਖਸ਼ਣ ਤਾਂ ਜੋ ਉਹ ਪਹਿਲਾਂ ਵਾਂਗ ਹੀ ਚੜ੍ਹਦੀ ਕਲਾ ਵਿੱਚ ਸੰਗਤਾਂ ਨੂੰ ਗੁਰੂ ਘਰ ਨਾਲ ਜੋੜਨ ਅਤੇ ਨਾਮ ਸਿਮਰਨ ਦੀ ਦਾਤ ਵੰਡਣ ਦੀ ਸੇਵਾ ਨਿਰੰਤਰ ਜਾਰੀ ਰੱਖ ਸਕਣ। ਗੱਲਬਾਤ ਕਰਦਿਆਂ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਸੰਤ ਬਾਬਾ ਭਗਤ ਮਿਲਖਾ ਸਿੰਘ ਉਹ ਮਹਾਨ ਸ਼ਖਸੀਅਤ ਹਨ ਜਿਨ੍ਹਾਂ ਨੇ ਆਪਣੀ ਸਾਰੀ ਉਮਰ ਸਿੱਖੀ ਦੇ ਪ੍ਰਚਾਰ ਪ੍ਰਸਾਰ ਅਤੇ ਮਾਨਵਤਾ ਦੀ ਸੇਵਾ ਵਿੱਚ ਲਗਾ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਬਾਬਾ ਜੀ ਦਾ ਦਮਦਮੀ ਟਕਸਾਲ ਦੇ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਅਤੇ ਸੱਚਖੰਡ ਵਾਸੀ ਮਹਾਂਪੁਰਖ ਸੰਤ ਬਾਬਾ ਠਾਕੁਰ ਸਿੰਘ ਜੀ ਦੇ ਸਮੇਂ ਤੋਂ ਬਹੁਤ ਹੀ ਗੂੜ੍ਹਾ ਸਨੇਹ ਅਤੇ ਪਿਆਰ ਰਿਹਾ ਹੈ। ਬਾਬਾ ਭਗਤ ਮਿਲਖਾ ਸਿੰਘ ਨੇ ਕੇਵਲ ਧਾਰਮਿਕ ਪ੍ਰਚਾਰ ਹੀ ਨਹੀਂ ਕੀਤਾ, ਬਲਕਿ ਸਮਾਜ ਨੂੰ ਵਿਦਿਅਕ ਤੌਰ ਤੇ ਉੱਚਾ ਚੁੱਕਣ ਲਈ ਵੱਡੇ ਕਾਰਜ ਕੀਤੇ ਹਨ। ਉਨ੍ਹਾਂ ਵੱਲੋਂ ਗੁਰੂ ਰਾਮਦਾਸ ਸਕੂਲ ਦੀ ਨੀਂਹ ਪੱਥਰ ਰੱਖੀ ਗਈ, ਹਰਿਆਣਾ ਦੇ ਪਛੜੇ ਇਲਾਕਿਆਂ ਵਿੱਚ ਸਕੂਲ ਅਤੇ ਵਿਦਿਕ ਅਦਾਰੇ ਸਥਾਪਿਤ ਕੀਤੇ ਗਏ, ਜਿੱਥੇ ਸਿੱਖ ਬੱਚੇ ਦੁਨਿਆਵੀ ਵਿੱਦਿਆ ਦੇ ਨਾਲ ਨਾਲ ਗੁਰਮਤਿ ਦੀ ਵਿੱਦਿਆ ਵੀ ਪ੍ਰਾਪਤ ਕਰ ਰਹੇ ਹਨ। ਇਸ ਤੋਂ ਇਲਾਵਾ, ਅਨੰਦਪੁਰ ਸਾਹਿਬ ਵਿਖੇ ਮਾਤਾ ਸਾਹਿਬ ਕੌਰ ਜੀ ਗੁਰਦੁਆਰਾ ਸਾਹਿਬ ਦਾ ਨੀਂਹ ਪੱਥਰ ਵੀ ਸ਼੍ਰੀਮਾਨ ਸੰਤ ਬਾਬਾ ਠਾਕੁਰ ਸਿੰਘ ਵੱਲੋਂ ਰੱਖਿਆ ਗਿਆ ਸੀ। ਉਨ੍ਹਾਂ ਵੱਲੋਂ ਚਲਾਏ ਗਏ ਬੇਅੰਤ ਅਸਥਾਨਾਂ ਤੇ ਸਮੇਂ ਸਮੇਂ ਸਿਰ ਸੰਗਤਾਂ ਲਈ ਲੰਗਰਾਂ ਦੀ ਅਟੁੱਟ ਸੇਵਾ ਚੱਲਦੀ ਹੈ ਅਤੇ ਅੰਮ੍ਰਿਤਸਰ ਸਾਹਿਬ ਦੇ ਪ੍ਰਚਾਰ ਦੇ ਨਾਲ ਨਾਲ ਸੰਗਤਾਂ ਨੂੰ ਵੱਡੇ ਪੱਧਰ ਤੇ ਗੁਰਦਰਸ਼ਨ ਦੀਦਾਰ ਯਾਤਰਾਵਾਂ ਵੀ ਕਰਵਾਈਆਂ ਜਾਂਦੀਆਂ ਹਨ। ਜੂਨ 84 ਦੇ ਸ਼ਹੀਦਾਂ ਦੀ ਯਾਦ ਵਿੱਚ ਵੀ ਬਾਬਾ ਵੱਲੋਂ ਹਮੇਸ਼ਾ ਵੱਡਾ ਗੁਰਦਰਸ਼ਨ ਪ੍ਰਕਾਸ਼ ਦਿਹਾੜਾ ਮਨਾਇਆ ਜਾਂਦਾ ਹੈ।

ਇਸ ਮੌਕੇ ਇਹ ਬਹੁਤ ਹੀ ਖੁਸ਼ੀ ਵਾਲੀ ਗੱਲ ਸਾਹਮਣੇ ਆਈ ਕਿ ਸਤਿਗੁਰੂ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ ਸੰਤ ਬਾਬਾ ਭਗਤ ਮਿਲਖਾ ਸਿੰਘ ਦੀ ਸਿਹਤ ਵਿੱਚ ਹੁਣ ਕਾਫ਼ੀ ਸੁਧਾਰ ਹੋਇਆ ਹੈ ਅਤੇ ਉਹ ਬਿਲਕੁਲ ਅੱਗੇ ਨਾਲੋਂ ਤੰਦਰੁਸਤ ਅਤੇ ਚੜ੍ਹਦੀ ਕਲਾ ਵਿੱਚ ਮਹਿਸੂਸ ਕਰ ਰਹੇ ਹਨ। ਦਮਦਮੀ ਟਕਸਾਲ ਦੇ ਮੁਖੀ ਦੇ ਆਗਮਨ ਤੇ ਬਾਬਾ ਭਗਤ ਮਿਲਖਾ ਸਿੰਘ ਨੇ ਦਿਲ ਦੀਆਂ ਗਹਿਰਾਈਆਂ ਤੋਂ ਉਨ੍ਹਾਂ ਦਾ ਅਤੇ ਉਨ੍ਹਾਂ ਦੇ ਨਾਲ ਆਏ ਜਥੇ ਦੇ ਸਿੰਘਾਂ, ਵਿਸ਼ੇਸ਼ ਤੌਰ ਤੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਨੇ ਕਿਹਾ ਕਿ ਮਹਾਂਪੁਰਖਾਂ ਦੇ ਦਰਸ਼ਨ ਕਰਕੇ ਅਤੇ ਸੰਗਤਾਂ ਵੱਲੋਂ ਮਿਲੇ ਪਿਆਰ ਤੇ ਅਰਦਾਸਾਂ ਸਦਕਾ ਉਹ ਬਹੁਤ ਪ੍ਰਸੰਨਤਾ ਮਹਿਸੂਸ ਕਰ ਰਹੇ ਹਨ।

### ਫਿਰੋਜ਼ਪੁਰ ਤੋਂ ਵਿਸ਼ਵ ਪੱਧਰ ਤੱਕ ਡੀ.ਸੀ.ਐਮ ਗਰੁੱਪ ਆਫ ਸਕੂਲਜ਼ ਦਾ ਸੁਨਹਿਰੀ ਸਫ਼ਰ

# ਇੱਕ ਸੁਪਨਾ ਅੱਠ ਦਹਾਕੇ ਤੇ ਲੱਖਾਂ ਸਫ਼ਲ ਭਵਿੱਖ—ਇਹੀ ਹੈ ਡੀ.ਸੀ.ਐਮ ਦੀ ਕਹਾਣੀ

ਫ਼ਿਰੋਜ਼ਪੁਰ, 04 ਜੁਲਾਈ (ਮਨੋਹਰ ਲਾਲ) :— ਜਦੋਂ ਦੇਸ਼ ਵੰਡ ਦੀ ਭਿਆਨਕ ਤ੍ਰਾਸਦੀ ਵਿਚੋਂ ਗੁਜ਼ਰ ਰਿਹਾ ਸੀ ਉਸ ਸਮੇਂ ਮਹਾਨ ਸਿੱਖਿਆਵਿਦ ਸ੍ਰੀ ਐਮ.ਆਰ. ਦਾਸ ਦੇ ਮਨ ਵਿੱਚ ਸਿਰਫ਼ ਆਜ਼ਾਦ ਭਾਰਤ ਹੀ ਨਹੀਂ, ਸਗੋਂ ਇੱਕ ਸਿੱਖਿਆਯੁਕਤ ਭਾਰਤ ਦਾ ਵੀ ਸੁਪਨਾ ਜਨਮਿਆ। ਇਸੇ ਸੋਚ ਨਾਲ ਉਨ੍ਹਾਂ ਨੇ 1946 ਵਿੱਚ ਸਿੱਖਿਆ ਦਾ ਉਹ ਬੂਟਾ ਲਗਾਇਆ ਜੋ ਅੱਜ ਇੱਕ ਵਿਸ਼ਾਲ ਬਰਗਦ ਦਾ ਰੂਪ ਧਾਰ ਚੁੱਕਾ ਹੈ। ਉਸ ਔਖੇ ਦੌਰ ਵਿੱਚ ਉਨ੍ਹਾਂ ਨੇ ਸਰਹੱਦੀ ਜ਼ਿਲ੍ਹੇ ਫਿਰੋਜ਼ਪੁਰ ਵਿੱਚ ਡੀ.ਸੀ.ਮਾਡਲ ਸੀਨੀਅਰ ਸੈਕੰਡਰੀ ਸਕੂਲ ਦੀ ਸਥਾਪਨਾ ਕਰਕੇ ਇਲਾਕੇ ਦੇ ਲੋਕਾਂ ਨੂੰ ਉੱਚ ਪੱਧਰੀ ਸਿੱਖਿਆ ਪ੍ਰਦਾਨ ਕੀਤੀ। ਉਨ੍ਹਾਂ ਦੀ ਦੂਰਅੰਦੇਸ਼ੀ ਅਤੇ ਮਿਹਨਤ ਸਦਕਾ ਅੱਜ ਇਹ ਸੰਸਥਾ ਵਿਸ਼ਵ ਭਰ ਵਿੱਚ ਸਿੱਖਿਆ ਦੇ ਖੇਤਰ ਵਿੱਚ ਆਪਣੀ ਵਿਲੱਖਣ ਪਛਾਣ ਬਣਾ ਚੁੱਕੀ ਹੈ। ਮੌਜੂਦਾ ਸਮੇਂ ਡੀ.ਸੀ.ਐਮ ਗਰੁੱਪ ਆਫ ਸਕੂਲਜ਼ ਦੇ ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਵਿੱਚ 10 ਸਕੂਲ ਹਨ, ਜਿਥੇ ਹਜ਼ਾਰਾਂ ਵਿਦਿਆਰਥੀ ਆਧੁਨਿਕ ਅਤੇ ਗੁਣਵੱਤਾ ਭਰਪੂਰ ਸਿੱਖਿਆ ਹਾਸਲ ਕਰ ਰਹੇ ਹਨ। ਉਚੇਰੀ ਸਿੱਖਿਆ ਪ੍ਰਾਪਤ ਕਰਨ ਉਪਰੰਤ ਆਪਣੇ ਪੁਰਖਿਆਂ ਤੋਂ ਮਿਲੀ ਇਲਾਕੇ ਦੇ ਬੱਚਿਆਂ ਦਾ ਭਵਿੱਖ ਰੁਸ਼ਨਾਉਣ ਦੀ ਗੁੜਤੀ ਨੂੰ ਅੱਗੇ ਤੋਰਦਿਆਂ ਡਾਕਟਰ ਅਨੁਰਿਧ ਗੁਪਤਾ ਨੇ ਜਿਥੇ ਫ਼ਿਰੋਜ਼ਪੁਰ ਦੇ ਬੱਚਿਆਂ ਦੀ ਮੰਗ ਨੂੰ ਦੇਖਦਿਆਂ ਉਨ੍ਹਾਂ ਦੀ ਸੋਚ ਮੁਤਾਬਿਕ ਸਕੂਲਾਂ ਦਾ ਆਗਾਜ਼ ਕੀਤਾ, ਉਥੇ ਫ਼ਿਰੋਜ਼ਪੁਰ ਤੋਂ ਦੂਰ ਦੂਸਰੇ ਜ਼ਿਲ੍ਹਿਆਂ ਵਿਚ ਵੀ 10 ਸਕੂਲਾਂ ਦੀ ਸਥਾਪਨਾ ਕਰਦਿਆਂ ਹਰ ਬੱਚੇ ਨੂੰ ਪੜ੍ਹਾਈ ਦਾ ਗਹਿਣਾ ਦੇਣ ਦੀ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿਸ ਦੀ ਫ਼ਿਰੋਜ਼ਪੁਰ ਸਮੇਤ ਆਸ—ਪਾਸ ਦੇ ਇਲਾਕਿਆਂ ਵਿਚ ਸਰਾਹਨਾ ਹੋ ਰਹੀ ਹੈ। ਜਿਥੇ ਸਕੂਲ ਦੇ ਪੁਰਖਿਆਂ ਵੱਲੋਂ ਡੀ.ਸੀ.ਐਮ ਵਿਚ ਪੜ੍ਹਦੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ—ਨਾਲ ਨੈਤਿਕ ਸਿੱਖਿਆ ਮੁਹਇਆ ਕਰਵਾਈ, ਉਥੇ ਬਦਲਦੇ ਸਮੇਂ ਨੂੰ ਦੇਖਦਿਆਂ ਸਕੂਲ ਦੇ ਮੌਜੂਦਾ ਮੁਖੀ ਅਨੁਰਿਧ ਗੁਪਤਾ ਵੱਲੋਂ ਹਰ ਖੇਤਰ ਦਾ ਅਧਿਆਪਕ ਸਕੂਲ ਵਿਚ ਤਾਇਨਾਤ ਕਰਕੇ ਬੱਚਿਆਂ ਨੂੰ ਉਜਵਲ ਭਵਿੱਖ ਦੇ ਅਗਲੇ ਹਿੱਸੇ ਨੂੰ ਦੇਖਣ ਲਈ ਲਾਮਬੰਧ ਕੀਤਾ ਜਾ ਰਿਹਾ ਹੈ।\ ਜ਼ਿਕਰਯੋਗ ਹੈ ਕਿ ਵਿਦਿਆਰਥੀਆਂ ਨੂੰ ਦੇਸ਼—ਵਿਦੇਸ਼ ਦੀਆਂ ਸਰਵੋਤਮ ਤਕਨੀਕਾਂ ਨਾਲ ਜੋੜਦਿਆਂ ਡੀ.ਸੀ.ਐਮ ਨੇ ਸਿੱਖਿਆ ਨੂੰ ਨਵੇਂ ਆਯਾਮ ਦਿੱਤੇ ਹਨ। ਈ—ਕੰਟੈਂਟ, ਪ੍ਰੋਜੈਕਟਰ ਅਤੇ ਇੰਟਰਨੈਟ ਆਧਾਰਿਤ ਸਿੱਖਿਆ ਦੇ ਨਾਲ—ਨਾਲ ਸਕੂਲਾਂ ਵਿੱਚ ਆਰਟੀਫ਼ੀਸ਼ਲ ਇੰਟੈਲੀਜੈਂਸ, ਕੋਡਿੰਗ, 3 ਡੀ ਲੈਬ, ਫੋਨਿਕਸ, ਸਟੈਮ ਲੈਬ, ਅਟਲ ਟਿੰਕਰਿੰਗ ਲੈਬ, ਗਣਿਤ ਅਤੇ ਵਿਗਿਆਨ ਲੈਬ, ਵੈਸੈਟ ਅਤੇ ਵਾਈ ਹੱਬ ਵਰਗੀਆਂ ਆਧੁਨਿਕ ਸਹੂਲਤਾਂ ਉਪਲਬਧ ਹਨ। ਨੀਤੀ ਆਯੋਗ ਦੇ ਸਹਿਯੋਗ ਨਾਲ ਸਥਾਪਿਤ ਅਟਲ ਟਿੰਕਰਿੰਗ ਲੈਬ ਵਿੱਚ ਵਿਦਿਆਰਥੀ ਲਗਾਤਾਰ ਨਵੇਂ ਅਵਿਸ਼ਕਾਰ ਕਰ ਰਹੇ ਹਨ। ਉਨ੍ਹਾਂ ਵੱਲੋਂ ਤਿਆਰ ਕੀਤਾ ਗਿਆ ਡਾਇਨਾਮਿਕ ਸਟਰੀਟ ਲਾਈਟ ਸਿਸਟਮ ਦੇਸ਼ ਭਰ ਵਿੱਚ ਸਰਾਹਿਆ ਜਾ ਚੁੱਕਾ ਹੈ। ਇਸ ਤੋਂ ਇਲਾਵਾ ਮਾਈਕ੍ਰੋਸਾਫਟ ਵੱਲੋਂ ਡੀ.ਸੀ.ਐਮ ਦੇ ਸਾਰੇ ਸਕੂਲਾਂ ਨੂੰ ਮਾਈਕ੍ਰੋਸਾਫਟ ਸ਼ੋਕੇਸ ਸਕੂਲ ਦਾ ਦਰਜਾ ਦਿੱਤਾ ਗਿਆ ਹੈ ਅਤੇ ਅਧਿਆਪਕਾਂ ਨੂੰ ਵਿਸ਼ੇਸ਼ ਤਕਨੀਕੀ ਸਿਖਲਾਈ ਵੀ ਦਿੱਤੀ ਜਾਂਦੀ ਹੈ। ਸਕੂਲਾਂ ਵਿੱਚ ਸੀ.ਬੀ.ਐਸ.ਈ ਪਾਠਕ੍ਰਮ ਦੇ ਨਾਲ ਨਾਲ ਕੈਂਬ੍ਰਿਜ, ਫਿਨਿਸ਼ ਅਤੇ ਹੋਰ ਅੰਤਰਰਾਸ਼ਟਰੀ ਪਾਠਕ੍ਰਮਾਂ ਨਾਲ ਵੀ ਵਿਦਿਆਰਥੀਆਂ ਨੂੰ ਜੋੜਿਆ ਜਾਂਦਾ ਹੈ। ਵਿਦਿਆਰਥੀਆਂ ਦੀ ਰੁਚੀ ਅਤੇ ਕਰੀਅਰ ਨੂੰ ਧਿਆਨ ਵਿੱਚ ਰੱਖਦਿਆਂ ਕੈਰੀਅਰ ਕਾਊਂਸਲਿੰਗ, ਡਾਂਸ, ਸੰਗੀਤ, 200 ਤੋਂ ਵੱਧ ਕੰਪਿਊਟਰਾਂ ਵਾਲੀਆਂ ਲੈਬਾਂ, ਆਧੁਨਿਕ ਵਿਗਿਆਨ ਲੈਬਾਂ ਅਤੇ ਹਰ ਕਲਾਸਰੂਮ ਵਿੱਚ ਸਮਾਰਟ ਟੀਚਿੰਗ ਦੀ ਸਹੂਲਤ ਉਪਲਬਧ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਸਕੂਲ ਦਾ ਇਹ ਮੁੱਖ ਟੀਚਾ ਰਹੇਗਾ ਕਿ ਬੱਚਿਆਂ ਦੇ ਉਜਵਲ ਭਵਿੱਖ ਲਈ ਬੱਚਿਆਂ ਨੂੰ ਉਦਯਮਤਾ, ਸਕਿਲ ਡਿਵੈਲਪਮੈਂਟ ਅਤੇ ਸਮਾਜਿਕ ਸਰੋਕਾਰ ਦੇ ਸਮਰਥਨ ਕਰਨ ਦੇ ਨਾਲ—ਨਾਲ ਬੱਚਿਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੇ ਸਮਰੱਥ ਕੀਤਾ ਜਾਵੇਗਾ ਤਾਂ ਜ਼ੋ ਫ਼ਿਰੋਜ਼ਪੁਰ ਦੇ ਬੱਚੇ ਦੁਨਿਆਂ ਭਰ ਵਿਚ ਆਪਣੀ ਕਾਬਲੀਅਤ ਦਾ ਜਲਵਾ ਦਿਖਾ ਸਕਣ। ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਡੀ.ਸੀ.ਐਮ ਗਰੁੱਪ ਸਿਰਫ ਪੜ੍ਹਾਈ ਵਿਚ ਹੀ ਨਹੀਂ ਸਗੋਂ ਖੇਡਾਂ ਦੇ ਖੇਤਰ ਵਿਚ ਵੀ ਨਵੇਂ ਰਿਕਾਰਡ ਸਥਾਪਿਤ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸੰਸਥਾ ਦੇ ਹੋਣਹਾਰ ਖਿਡਾਰੀਆਂ ਨੇ ਅੰਤਰਰਾਸ਼ਟਰੀ ਪੱਧਰ ਤੇ ਪ੍ਰਦਰਸ਼ਨ ਕਰਕੇ ਦੇਸ਼ ਅਤੇ ਸਕੂਲ ਦਾ ਨਾਮ ਵਿਸ਼ਵ ਨਕਸ਼ੇ ਤੇ ਚਮਕਾਇਆ ਹੈ। ਸਕੂਲ ਵੱਲੋਂ ਮਿਲਣ ਵਾਲੀਆਂ ਵਿਸ਼ਵ ਪੱਧਰੀ ਖੇਡ ਸਹੂਲਤਾਂ ਅਤੇ ਮਾਹਿਰ ਕੋਚਾਂ ਦੀ ਦੇਖਰੇਖ ਸਦਕਾ ਇਥੋਂ ਦੇ ਬੱਚਿਆਂ ਨੇ ਕਈ ਅੰਤਰਰਾਸ਼ਟਰੀ ਖੇਡ ਮੁਕਾਬਲਿਆਂ ਵਿਚ ਹਿੱਸਾ ਲੈ ਕੇ ਸੋਨੇ, ਚਾਂਦੀ ਅਤੇ ਕਾਂਸੀ ਦੇ ਤਮਗੇ ਜਿੱਤੇ ਹਨ, ਜ਼ੋ ਅੱਜ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਬਣ ਚੁੱਕੇ ਹਨ।




# ਅਮਨਦੀਪ ਹਸਪਤਾਲ ਫਿਰੋਜ਼ਪੁਰ ਵੱਲੋਂ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਡਾਕਟਰਾਂ ਦੇ ਸਨਮਾਨ ਵਿਚ ਵਿਸ਼ੇਸ਼ ਸਮਾਗਮ ਦਾ ਆਯੋਜਨ



ਫ਼ਿਰੋਜ਼ਪੁਰ, 04 ਜੁਲਾਈ (ਮਨੋਹਰ ਲਾਲ) :— ਅਮਨਦੀਪ ਹਸਪਤਾਲ ਫਿਰੋਜ਼ਪੁਰ ਨੇ ਉਜਾਲਾ ਸਿਗਨਸ ਨਾਲ ਸਾਂਝੇਦਾਰੀ ਦੇ ਤਹਿਤ ਮਰੀਜ਼ਾਂ ਦੀ ਦੇਖਭਾਲ ਅਤੇ ਜਨਤਕ ਸਿਹਤ ਪ੍ਰਤੀ ਮੈਡੀਕਲ ਟੀਮ ਦੀ ਅਣਥੱਕ ਵਚਨਬੱਧਤਾ ਨੂੰ ਸਲਾਹੁਣ ਲਈ ਇੱਕ ਵਿਸ਼ੇਸ਼ ਡਾਕਟਰ ਸਨਮਾਨ ਸਮਾਗਮ ਦਾ ਆਯੋਜਨ ਕੀਤਾ। ਸਮਾਗਮ ਦੀ ਸ਼ੁਰੂਆਤ ਵੱਖ—ਵੱਖ ਵਿਭਾਗਾਂ ਦੇ ਮਾਹਰ ਡਾਕਟਰਾਂ ਦੇ ਆਉਣ ਨਾਲ ਹੋਈ ਅਤੇ ਸਾਰੇ ਡਾਕਟਰਾਂ ਦਾ ਸਵਾਗਤ ਇੱਕ ਖ਼ਾਸ ਥੀਮ ਵਾਲੇ ਫੋਟੋ ਬੂਥ ਤੇ ਕੀਤਾ ਗਿਆ ਅਤੇ ਉਨ੍ਹਾਂ ਦੀਆਂ ਬੇਮਿਸਾਲ ਸੇਵਾਵਾਂ ਲਈ ਸ਼ੁਕਰਗੁਜ਼ਾਰੀ ਵਜੋਂ ਥੈਂਕ ਯੂ ਬੈਜ ਲਗਾਏ ਗਏ। ਅਮਨਦੀਪ ਹਸਪਤਾਲ ਫਿਰੋਜ਼ਪੁਰ ਦੇ ਫੈਸਿਲਿਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਨੇ ਹਸਪਤਾਲ ਦੀ ਬਿਹਤਰੀਨ ਮੈਡੀਕਲ ਵਿਰਾਸਤ ਨੂੰ ਬਰਕਰਾਰ ਰੱਖਣ ਲਈ ਦਿਨ—ਰਾਤ ਮਿਹਨਤ ਕਰਨ ਵਾਲੇ ਡਾਕਟਰਾਂ ਦੇ ਸਮਰਪਣ ਦੀ ਸ਼ਲਾਘਾ ਕਰਦਿਆਂ ਕਿਹਾ ਸਾਡੇ ਡਾਕਟਰ ਅਮਨਦੀਪ ਹਸਪਤਾਲ ਦੀ ਰੀੜ੍ਹ ਦੀ ਹੱਡੀ ਹਨ। ਇਹ ਸ਼ਾਮ ਉਨ੍ਹਾਂ ਵੱਲੋਂ ਹਰ ਰੋਜ਼ ਲੋਕਾਂ ਨੂੰ ਦਿੱਤੇ ਜਾ ਰਹੇ ਨਵੇਂ ਜੀਵਨ ਲਈ ਧੰਨਵਾਦ ਪ੍ਰਗਟ ਕਰਨ ਦਾ ਇੱਕ ਛੋਟਾ ਜਿਹਾ ਜ਼ਰੀਆ ਹੈ। ਇਸ ਸ਼ਾਮ ਦੌਰਾਨ ਸਨਮਾਨ ਦੇ ਨਾਲ—ਨਾਲ ਕਈ ਦਿਲਚਸਪ ਮਨੋਰੰਜਕ ਗਤੀਵਿਧੀਆਂ ਵੀ ਕਰਵਾਈਆਂ ਗਈਆਂ। ਡਾਕਟਰਾਂ ਨੇ ਹਸਪਤਾਲ ਦੇ ਰੁਝੇਵਿਆਂ ਭਰੀ ਜ਼ਿੰਦਗੀ ਤੋਂ ਦੂਰ ਆਪਸੀ ਸਾਂਝ ਵਧਾਉਣ ਲਈ ਦਮ ਸ਼ਰਾਡਸ, ਕੱਪ ਸਟੈਕਿੰਗ ਅਤੇ ਚਾਈਨੀਜ਼ ਵਿਸਪਰਸ ਵਰਗੀਆਂ ਖੇਡਾਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਇੱਕ ਹਲਕੇ ਫੁਲਕੇ ਸੈਸ਼ਨ ਦੌਰਾਨ ਡਾਕਟਰਾਂ ਨੇ ਮਰੀਜ਼ਾਂ ਨਾਲ ਜੁੜੇ ਆਪਣੇ ਕੁਝ ਮਜ਼ਾਕੀਆ ਤਜ਼ਰਬੇ ਵੀ ਸਾਂਝੇ ਕੀਤੇ, ਜਿਸ ਨਾਲ ਹਾਸੇ ਠਹਾਕੇ ਗੂੰਜ ਪਏ ਅਤੇ ਡਾਕਟਰੀ ਪੇਸ਼ੇ ਦਾ ਇੱਕ ਮਾਨਵੀ ਪੱਖ ਸਾਹਮਣੇ ਆਇਆ। ਸਮਾਗਮ ਦਾ ਮੁੱਖ ਆਕਰਸ਼ਣ ਪੁਰਸਕਾਰ ਵੰਡ ਸਮਾਰੋਹ ਰਿਹਾ ਜਿੱਥੇ ਡਾਕਟਰਾਂ ਨੂੰ ਉਨ੍ਹਾਂ ਦੇ ਆਪਣੇ ਆਪਣੇ ਖੇਤਰਾਂ ਵਿੱਚ ਕੀਤੇ ਗਏ ਮਿਸਾਲੀ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਇਸ ਤੋਂ ਬਾਅਦ ਇੱਕ ਵਿਸ਼ੇਸ਼ ਵੀਡੀਓ ਦਿਖਾਈ ਗਈ, ਜਿਸ ਵਿੱਚ ਹਸਪਤਾਲ ਦੇ ਸਫ਼ਰ ਅਤੇ ਫਿਰੋਜ਼ਪੁਰ ਤੇ ਆਲੇ ਦੁਆਲੇ ਦੇ ਇਲਾਕਿਆਂ ਦੇ ਹਜ਼ਾਰਾਂ ਮਰੀਜ਼ਾਂ ਦੇ ਜੀਵਨ ਤੇ ਮੈਡੀਕਲ ਟੀਮ ਵੱਲੋਂ ਪਾਏ ਗਏ ਸਕਾਰਾਤਮਕ ਪ੍ਰਭਾਵ ਨੂੰ ਦਰਸਾਇਆ ਗਿਆ ਸੀ। ਸਮਾਗਮ ਦੇ ਅਖੀਰ ਵਿੱਚ ਡਾ: ਅਭਿਸ਼ੇਕ ਅਰੋੜਾ ਨੇ ਸਭ ਦਾ ਧੰਨਵਾਦ ਕੀਤਾ ਅਤੇ ਡਾਕਟਰਾਂ ਨੂੰ ਆਧੁਨਿਕ ਤਕਨੀਕ ਤੇ ਸਹਿਯੋਗ ਵਾਲਾ ਮਾਹੌਲ ਪ੍ਰਦਾਨ ਕਰਨ ਦੀ ਹਸਪਤਾਲ ਦੀ ਵਚਨਬੱਧਤਾ ਨੂੰ ਦੁਹਰਾਇਆ। ਅੰਤ ਵਿੱਚ ਏਕਤਾ ਅਤੇ ਸਾਂਝੇ ਮਕਸਦ ਦੇ ਪ੍ਰਤੀਕ ਵਜੋਂ ਕੇਕ ਕੱਟ ਕੇ ਇਸ ਜਸ਼ਨ ਦੀ ਸਮਾਪਤੀ ਕੀਤੀ ਗਈ। ਉਨ੍ਹਾਂ ਕਿਹਾ ਕਿ ਅਮਨਦੀਪ ਹਸਪਤਾਲ ਫਿਰੋਜ਼ਪੁਰ, ਉਜਾਲਾ ਸਿਗਨਸ ਨਾਲ ਮਿਲ ਕੇ ਤਜਰਬੇਕਾਰ ਡਾਕਟਰਾਂ ਦੀ ਟੀਮ, ਆਧੁਨਿਕ ਬੁਨਿਆਦੀ ਢਾਂਚੇ ਅਤੇ ਮਰੀਜ਼ ਪਹਿਲਾਂ ਦੀ ਸੋਚ ਨਾਲ ਖੇਤਰ ਵਿੱਚ ਸਿਹਤ ਸੇਵਾਵਾਂ ਨੂੰ ਲਗਾਤਾਰ ਮਜ਼ਬੂਤ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਹਸਪਤਾਲ ਆਰਥੋਪੀਡਿਕਸ (ਹੱਡੀਆਂ ਦੇ ਰੋਗ), ਕਾਰਡੀਓਲੋਜੀ, ਨਿਊਰੋ ਸਰਜਰੀ, ਜਨਰਲ ਮੈਡੀਸਨ, ਜਨਰਲ ਸਰਜਰੀ, ਈ.ਐਨ.ਟੀ., ਪੀਡੀਆਟ੍ਰਿਕਸ (ਬਾਲ ਰੋਗ), ਗਾਇਨੀਕੋਲੋਜੀ ਅਤੇ ਹੋਰ ਪ੍ਰਮੁੱਖ ਵਿਭਾਗਾਂ ਵਿੱਚ ਵਧੀਆ ਇਲਾਜ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

# ਹਰ ਪਿੰਡ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ ਚੇਅਰਮੈਨ ਦਲਵੀਰ ਸਿੰਘ ਢਿੱਲੋਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੇ ਹਲਕੇ ਵਿੱਚ ਪੈਂਦੇ ਪਿੰਡ ਰੁੜਗੜ ਦੇ ਸਰਪੰਚ ਸਰਪੰਚ ਕਰਮਜੀਤ ਕੌਰ ਪਤਨੀ ਪਰਮਿੰਦਰ ਸਿੰਘ ਦੀ ਅਗਵਾਈ ਹੇਠ ਲੋਕ ਮਿਲਣੀ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮੰਤਰੀ ਦਫ਼ਤਰ ਇੰਚਾਰਜ ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਵਿਸ਼ੇਸ ਤੌਰ 'ਤੇ ਸਾਮਿਲ ਹੋਏ। ਇਸ ਮੌਕੇ ਚੇਅਰਮੈਨ ਢਿੱਲੋਂ ਨੇ ਲੋਕ ਮਿਲਣੀ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ 'ਲੋਕ ਮਿਲਣੀ' ਪ੍ਰੋਗਰਾਮਾਂ ਦਾ ਉਦੇਸ਼ ਸਰਕਾਰ ਅਤੇ ਲੋਕਾਂ ਵਿਚਕਾਰ ਸਿੱਧਾ ਸੰਵਾਦ ਸਥਾਪਤ ਕਰਨਾ ਹੈ ਤਾਂ ਜੋ ਲੋਕਾਂ ਨੂੰ ਆਪਣੇ ਕੰਮਾਂ ਲਈ ਸਰਕਾਰੀ ਦਫ਼ਤਰਾਂ ਦੇ ਵਾਰ-ਵਾਰ ਚੱਕਰ ਨਾ ਕੱਟਣੇ ਪੈਣ। ਉਨ੍ਹਾਂ ਕਿਹਾ ਕਿ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਨਵੀਆਂ ਵਿਕਾਸ ਯੋਜਨਾਵਾਂ ਵੀ ਲਾਗੂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਨੇ ਹਾਜ਼ਰ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਵੱਲੋਂ ਉਠਾਏ ਗਏ ਹਰ ਜਾਇਜ਼ ਮਸਲੇ ਦਾ ਤੁਰੰਤ ਅਤੇ ਨਿਯਮਾਂ ਅਨੁਸਾਰ ਨਿਪਟਾਰਾ ਕੀਤਾ ਜਾਵੇ, ਤਾਂ ਜੋ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਬੇਲੋੜੀ ਖੱਜਲ-ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ , ਟਰੇਡ ਕਮਿਸ਼ਨ ਦੇ ਚੇਅਰਮੈਨ ਪੁਸ਼ਿਪੰਦਰ ਸ਼ਰਮਾ, ਅਮਨ ਖਾਨ ਘਨੌਰੀ, ਆਪ ਆਗੂ ਕੇਵਲ ਸਿੰਘ ਘਨੌਰੀ, , ਆਪ ਆਗੂ ਲੱਕੀ ਧਾਲੀਵਾਲ, ਨਵਜੀਤ ਸਿੰਘ ਸੋਨੀ, ਮਲਕੀਤ ਸਿੰਘ, ਗੁਰਵੀਰ ਸਿੰਘ ਗੁਰੀ ਪੰਚ, ਰਜਿੰਦਰ ਸਿੰਘ ਪੰਚ, ਰੁਪਿੰਦਰ ਸਿੰਘ ਰੂਪ ,ਸਵਰਨ ਸਿੰਘ, ਸੂਬੇਦਾਰ ਜਸਵੀਰ ਸਿੰਘ, ਜਤਿੰਦਰ ਸਿੰਘ ਫੌਜੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੰਤ ਐਵਨਿਊ ਵਾਸੀਆਂ ਨੇ ਸੀਵਰੇਜ, ਬਿਜਲੀ ਤੇ ਸੜਕਾਂ ਦੀਆਂ

# ਸਮੱਸਿਆਵਾਂ ਦੇ ਹੱਲ ਦੀ ਕੀਤੀ ਮੰਗ : ਇੰਜ ਦਲਜੀਤ ਸਿੰਘ ਕੋਹਲੀ



**ਚੌਕ ਮਹਿਤਾ, 4 ਜੁਲਾਈ (ਮਨਵੀਰ ਸਿੰਘ ਚੰਨਣਕੇ)**-ਸੰਤ ਐਵਨਿਊ ਵਿਖੇ ਇੰਜੀ ਦੁਲਜੀਤ ਸਿੰਘ ਕੋਹਲੀ ਦੀ ਰਿਹਾਇਸ਼ ਵਿਖੇ ਕਾਲੋਨੀ ਵਾਸੀਆਂ ਦੀ ਇੱਕ ਅਹਿਮ ਮੀਟਿੰਗ ਹੋਈ, ਜਿਸ ਵਿੱਚ ਵਾਰਡ ਦੇ ਕੌਂਸਲਰ ਅਸ਼ਨੂਰ ਕੌਰ ਦੇ ਪਿਤਾ ਸ਼੍ਰੀ ਸੁੱਖ ਹੁੰਦਲ ਅਤੇ ਸੀਨੀਅਰ ਆਗੂ ਸ੍ਰ ਹਰਪਾਲ ਸਿੰਘ ਚੌਹਾਨ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਕਾਲੋਨੀ ਵਿੱਚ ਲੰਬੇ ਸਮੇਂ ਤੋਂ ਚੱਲ ਰਹੀਆਂ ਸੀਵਰੇਜ, ਬਿਜਲੀ ਅਤੇ ਸੜਕਾਂ ਨਾਲ ਸਬੰਧਤ ਸਮੱਸਿਆਵਾਂ ’ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸ੍ਰ ਸਤਿੰਦਰ ਸਿੰਘ ਬਿੱਟੂ ਨੇ ਕਿਹਾ ਕਿ ਸੰਤ ਐਵਨਿਊ ਵਿੱਚ ਸੀਵਰੇਜ ਦੀ ਸਮੱਸਿਆ ਗੰਭੀਰ ਰੂਪ ਧਾਰ ਚੁੱਕੀ ਹੈ, ਜਿਸ ਕਾਰਨ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸ੍ਰ ਕੁਲਦੀਪ ਸਿੰਘ, ਸ੍ਰ ਸੁਰਿੰਦਰ ਸਿੰਘ ਭੁੱਲਰ, ਸ੍ਰ ਅਜਮੇਰ ਸਿੰਘ ਨੇ ਦੱਸਿਆ ਕਿ ਗਲੀ ਨੰਬਰ 4, 5 ਅਤੇ 6 ਵਿੱਚ ਕੇਵਲ ਇੱਕ ਹੀ ਟ੍ਰਾਂਸਫਾਰਮਰ ਰਾਹੀਂ ਬਿਜਲੀ ਸਪਲਾਈ ਹੋ ਰਹੀ ਹੈ। ਸ੍ਰ ਗੁਰਪ੍ਰੀਤ ਸਿੰਘ ਨੇ ਕਿਹਾ ਕਿਉਂਕਿ ਇਲਾਕੇ ਵਿੱਚ ਹੁਣ ਹੋਰ ਨਵੀਆਂ ਕੋਠੀਆਂ ਵਧਣ ਕਾਰਨ ਬਿਜਲੀ ਦੀ ਖਪਤ ਵਿੱਚ ਕਾਫ਼ੀ ਵਾਧਾ ਹੋਇਆ ਹੈ, ਇਸ ਕਰਕੇ ਵਾਧੂ ਟ੍ਰਾਂਸਫਾਰਮਰ ਦੀ ਤੁਰੰਤ ਲੋੜ ਹੈ। ਸ੍ਰ ਮਨਦੀਪ ਸਿੰਘ ਅਤੇ ਸ੍ਰ ਹਰਪ੍ਰੀਤ ਸਿੰਘ ਪਿੰਟੂ ਨੇ ਮੰਗ ਰੱਖੀ ਕਿ ਜੀ.ਟੀ. ਰੋਡ ਤੋਂ ਸੰਤ ਐਵਨਿਊ ਨੂੰ ਜਾਂਦੀ ਮੁੱਖ ਸੜਕ ਨੂੰ ਚੌੜਾ ਕਰਵਾਇਆ ਜਾਵੇ। ਇੰਜੀ ਦਲਜੀਤ ਸਿੰਘ ਕੋਹਲੀ ਨੇ ਦੱਸਿਆ ਕਿ ਮਾਨਯੋਗ ਮੇਅਰ ਸ੍ਰ ਮੋਤੀ ਭਾਟਿਆ ਜੀ ਨਾਲ ਇਕ ਨਿੱਜੀ ਮੁਲਾਕਾਤ ਦੌਰਾਨ ਜੀ.ਟੀ. ਰੋਡ ’ਤੇ ਸੰਤ ਐਵਨਿਊ ਦੇ ਮੁੱਖ ਪ੍ਰਵੇਸ਼ ਦੁਆਰ (ਮੇਨ ਗੇਟ) ਦੀ ਉਸਾਰੀ ਸਬੰਧੀ ਮੰਗ ਰੱਖੀ ਸੀ, ਜਿਸ ਨੂੰ ਮੇਅਰ ਸਾਹਿਬ ਨੇ ਸਿਧਾਂਤਕ ਤੌਰ ’ਤੇ ਸਵੀਕਾਰ ਕਰ ਲਿਆ। ਅੱਜ ਦੀ ਮੀਟਿੰਗ ਵਿੱਚ ਫ਼ੈਸਲਾ ਲਿਆ ਗਿਆ ਕਿ ਸੋਮਵਾਰ ਨੂੰ ਇੱਕ ਵਫ਼ਦ ਮੇਅਰ ਸਾਹਿਬ ਨਾਲ ਮੁਲਾਕਾਤ ਕਰਕੇ ਮੇਨ ਗੇਟ ਅਤੇ ਹੋਰ ਵਿਕਾਸ ਕਾਰਜਾਂ ਨੂੰ ਜਲਦੀ ਸ਼ੁਰੂ ਕਰਵਾਉਣ ਦੀ ਮੰਗ ਕਰੇਗਾ। ਸ਼੍ਰੀ ਸੁੱਖ ਹੁੰਦਲ ਨੇ ਕਾਲੋਨੀ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਨਗਰ ਨਿਗਮ ਦੇ ਉੱਚ ਅਧਿਕਾਰੀਆਂ ਅਤੇ ਜਨ ਪ੍ਰਤੀਨਿਧੀਆਂ ਤੱਕ ਪਹੁੰਚਾ ਕੇ ਜਲਦੀ ਹੱਲ ਕਰਵਾਉਣ ਲਈ ਯਤਨ ਕੀਤੇ ਜਾਣਗੇ। ਇਸ ਮੌਕੇ ਸਰਵ ਸ੍ਰੀ ਸਤਵਿੰਦਰ ਸਿੰਘ ਬਿੱਟੂ, ਸਰਿੰਦਰ ਸਿੰਘ ਭੁੱਲਰ, ਹਰਿੰਦਰ ਸਿੰਘ ਢੀਂਗਰਾ, ਅਜਮੇਰ ਸਿੰਘ, ਕੁਲਦੀਪ ਸਿੰਘ, ਗੁਰਪ੍ਰੀਤ ਸਿੰਘ, ਹਰਪ੍ਰੀਤ ਸਿੰਘ ਪਿੰਟੂ , ਮਨਦੀਪ ਸਿੰਘ, ਸ੍ਰ ਸ਼ੇਰ ਸਿੰਘ, ਇੰਜੀ ਗੁਰਿੰਦਰ ਸਿੰਘ ਅਤੇ ਹੋਰ ਕਈ ਪਤਵੰਤੇ ਹਾਜ਼ਰ ਸਨ। ਇੰਜ ਦਲਜੀਤ ਸਿੰਘ ਕੋਹਲੀ ਅਤੇ ਹਾਜ਼ਰੀਨ ਸਾਰੇ ਮੈਂਬਰਾਂ ਨੇ ਸੀਨੀਅਰ ਆਗੂ ਸ੍ਰ ਹਰਪਾਲ ਸਿੰਘ ਚੌਹਾਨ ਦਾ ਉਚੇਚੇ ਤੌਰ ਤੇ ਧੰਨਵਾਦ ਕੀਤਾ। ਮੀਟਿੰਗ ਦੇ ਅੰਤ ਵਿੱਚ ਸਮੂਹ ਸੰਤ ਐਵਨਿਊ ਵਾਸੀਆਂ ਨੇ ਨਗਰ ਨਿਗਮ ਕਮਿਸ਼ਨਰ, ਮੇਅਰ ਅਤੇ ਸਥਾਨਕ ਵਿਧਾਇਕ ਨੂੰ ਅਪੀਲ ਕੀਤੀ ਕਿ ਇਲਾਕੇ ਦੇ ਵਿਕਾਸ ਅਤੇ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਸੀਵਰੇਜ, ਬਿਜਲੀ, ਸੜਕ ਅਤੇ ਮੇਨ ਗੇਟ ਸਬੰਧੀ ਮੰਗਾਂ ਨੂੰ ਪਹਿਲ ਦੇ ਆਧਾਰ ’ਤੇ ਪੂਰਾ ਕੀਤਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

### ਸਪੇਨ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਢਾਂਚੇ ਦਾ ਐਲਾਨ

# ਭਾਈ ਜਗਤਾਰ ਸਿੰਘ ਮਾਹਲ ਨੇ ਨਵੇਂ ਅਹੁਦੇਦਾਰਾਂ ਨੂੰ ਸੌਂਪੀਆਂ ਜ਼ਿੰਮੇਵਾਰੀਆਂ







**ਸਪੇਨ 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਵਿਚਾਰਧਾਰਾ ਨੂੰ ਵਿਸ਼ਵ ਪੱਧਰ ’ਤੇ ਹੋਰ ਮਜ਼ਬੂਤੀ ਨਾਲ ਅੱਗੇ ਵਧਾਉਣ ਦੇ ਉਦੇਸ਼ ਨਾਲ ਭਾਈ ਜਗਤਾਰ ਸਿੰਘ ਮਾਹਲ ਦੀ ਅਗਵਾਈ ਹੇਠ ਸਪੇਨ ਵਿੱਚ ਪਾਰਟੀ ਦੇ ਸੰਗਠਨਾਤਮਕ ਢਾਂਚੇ ਦਾ ਗਠਨ ਕੀਤਾ ਗਿਆ। ਇਸ ਮੌਕੇ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀ ਭਾਈਚਾਰੇ ਨੂੰ ਪਾਰਟੀ ਨਾਲ ਹੋਰ ਮਜ਼ਬੂਤੀ ਨਾਲ ਜੋੜਨ ਅਤੇ ਸੰਗਠਨ ਨੂੰ ਵਿਸਥਾਰ ਦੇਣ ਲਈ ਨਵੀਂ ਕਾਰਜਕਾਰਨੀ ਦਾ ਐਲਾਨ ਕੀਤਾ ਗਿਆ। ਨਵੀਂ ਟੀਮ ਵਿੱਚ ਭਾਈ ਦਵਿੰਦਰ ਸਿੰਘ ਮੱਲੀ ਨੂੰ ਪ੍ਰਧਾਨ, ਭਾਈ ਸੁਰਿੰਦਰ ਸਿੰਘ ਧਨੋਆ ਨੂੰ ਜਨਰਲ ਸਕੱਤਰ, ਭਾਈ ਮਨਜੀਤ ਸਿੰਘ ਨੂੰ ਮੀਤ ਸਕੱਤਰ, ਭਾਈ ਜਸਬੀਰ ਸਿੰਘ ਢਿੱਲੋਂ ਨੂੰ ਮੁੱਖ ਬੁਲਾਰਾ ਅਤੇ ਸ੍ਰ. ਗੁਰਪ੍ਰੀਤ ਸਿੰਘ ਪੱਡਾ ਨੂੰ ਖ਼ਜ਼ਾਨਚੀ ਦੀ ਜ਼ਿੰਮੇਵਾਰੀ ਸੌਂਪੀ ਗਈ। ਨਵ-ਨਿਯੁਕਤ ਅਹੁਦੇਦਾਰਾਂ ਨੇ ਪਾਰਟੀ ਦੀ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਵਿਸ਼ਵਾਸ ਦਿਵਾਇਆ। ਇਸ ਮੌਕੇ ਭਾਈ ਜਗਤਾਰ ਸਿੰਘ ਮਾਹਲ ਨੇ ਕਿਹਾ ਕਿ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ, ਜੋ ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਮੁਖੀ ਹਨ, ਦੀ ਅਗਵਾਈ ਹੇਠ ਪਾਰਟੀ ਪੰਜਾਬ ਦੇ ਹੱਕਾਂ, ਪੰਥਕ ਮੁੱਦਿਆਂ ਅਤੇ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕਰਨ ਲਈ ਲਗਾਤਾਰ ਸੰਘਰਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਭਾਵੇਂ ਭਾਈ ਅੰਮ੍ਰਿਤਪਾਲ ਸਿੰਘ ਅੱਜ ਵੀ ਜੇਲ੍ਹ ਵਿੱਚ ਹਨ, ਪਰ ਉਨ੍ਹਾਂ ਦੇ ਵਿਚਾਰ ਅਤੇ ਸਿਧਾਂਤ ਦੇਸ਼-ਵਿਦੇਸ਼ ਵਿੱਚ ਵੱਸਦੇ ਪੰਜਾਬੀਆਂ ਨੂੰ ਇੱਕ ਮੰਚ ’ਤੇ ਇਕੱਠੇ ਕਰ ਰਹੇ ਹਨ। ਉਨ੍ਹਾਂ ਨੇ ਇਹ ਵੀ ਕਿਹਾ ਕਿ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਜੀ ਦੀ ਰਹਿਨੁਮਾਈ ਅਤੇ ਸਾਦਗੀ ਭਰੇ ਨੇਤ੍ਰਿਤਵ ਹੇਠ ਸੰਗਠਨ ਲਗਾਤਾਰ ਮਜ਼ਬੂਤ ਹੋ ਰਿਹਾ ਹੈ। ਉਨ੍ਹਾਂ ਦੀ ਅਗਵਾਈ ਵਿੱਚ ਦੇਸ਼ ਅਤੇ ਵਿਦੇਸ਼ ਦੋਵਾਂ ਥਾਵਾਂ ’ਤੇ ਪਾਰਟੀ ਦਾ ਵਿਸਥਾਰ ਤੇਜ਼ੀ ਨਾਲ ਹੋ ਰਿਹਾ ਹੈ ਅਤੇ ਵੱਡੀ ਗਿਣਤੀ ਵਿੱਚ ਪੰਜਾਬੀ ਪਾਰਟੀ ਨਾਲ ਜੁੜ ਰਹੇ ਹਨ। ਭਾਈ ਜਗਤਾਰ ਸਿੰਘ ਮਾਹਲ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦਾ ਪੰਜਾਬੀ ਭਾਈਚਾਰਾ ਹਮੇਸ਼ਾ ਪੰਥ ਅਤੇ ਪੰਜਾਬ ਦੇ ਮੁੱਦਿਆਂ ਪ੍ਰਤੀ ਜਾਗਰੂਕ ਰਿਹਾ ਹੈ। ਸਪੇਨ ਵਿੱਚ ਬਣਾਈ ਗਈ ਇਹ ਨਵੀਂ ਟੀਮ ਪਾਰਟੀ ਦੀਆਂ ਨੀਤੀਆਂ, ਸਿਧਾਂਤਾਂ ਅਤੇ ਉਦੇਸ਼ਾਂ ਨੂੰ ਹਰ ਸ਼ਹਿਰ ਤੱਕ ਪਹੁੰਚਾਉਣ, ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਅਤੇ ਪੰਜਾਬ ਨਾਲ ਸਬੰਧਤ ਮੁੱਦਿਆਂ ਨੂੰ ਅੰਤਰਰਾਸ਼ਟਰੀ ਪੱਧਰ ’ਤੇ ਉਠਾਉਣ ਲਈ ਪੂਰੀ ਨਿਸ਼ਠਾ ਨਾਲ ਕੰਮ ਕਰੇਗੀ। ਅੰਤ ਵਿੱਚ ਨਵ-ਨਿਯੁਕਤ ਅਹੁਦੇਦਾਰਾਂ ਨੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ, ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਜੀ ਅਤੇ ਸਮੁੱਚੀ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਉਹ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਵਿਚਾਰਧਾਰਾ ਨੂੰ ਹੋਰ ਮਜ਼ਬੂਤੀ ਨਾਲ ਲੋਕਾਂ ਤੱਕ ਪਹੁੰਚਾਉਣ, ਸੰਗਠਨ ਦਾ ਵਿਸਥਾਰ ਕਰਨ ਅਤੇ ਪੰਥ ਤੇ ਪੰਜਾਬ ਦੇ ਹੱਕਾਂ ਦੀ ਆਵਾਜ਼ ਨੂੰ ਹੋਰ ਬੁਲੰਦ ਕਰਨ ਲਈ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸੀ ਐਚ ਸੀ ਮਾਨਾਵਾਲਾ ਵਿਖੇ ਨਵਨਿਯੁਕਤ ਐਸ ਐਮ ਉ ਡਾਕਟਰ ਜਸਪਾਲ ਸਿੰਘ ਦਾ ਡਾਕਟਰਾਂ ਦੀ ਟੀਮ ਵੱਲੋਂ ਸਵਾਗਤ



**ਜੰਡਿਆਲਾ ਗੁਰੂ, 4 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਅੱਜ ਸੀ ਐਚ ਸੀ ਮਾਨਾਵਾਲਾ ਵਿਖੇ ਨਵ ਨਿਯੁਕਤ ਐਸ ਐਮ ਉ ਡਾਕਟਰ ਜਸਪਾਲ ਸਿੰਘ ਜੀ ਦਾ ਸਵਾਗਤ ਕਰਦਿਆਂ ਐਸ ਆਈ ਅਜੀਤਪਾਲ ਸਿੰਘ, ਐਸ ਆਈ ਜਗਜੀਤ ਸਿੰਘ ਅਤੇ ਮਲਟੀਪਰਪਜ਼ ਹੈਲਥ ਵਰਕਰਾਂ ਵਲੋਂ ਗਰਮਜੋਸ਼ੀ ਨਾਲ ਸਨਮਾਨ ਕੀਤਾ ਅਤੇ ਖ਼ੁੱਸ਼ੀ ਮਨਾਈ ਗਈ। ਐਸ ਆਈ ਅਤੇ ਮਲਟੀਪਰਪਜ਼ ਹੈਲਥ ਵਰਕਰਾਂ ਵਲੋਂ ਐਸ ਐਮ ਉ ਸਾਬ ਨੂੰ ਵਿਸਵਾਸ ਦਵਾਇਆ ਗਿਆ ਕਿ ਮਿਲੇ ਟਾਰਗੇਟ ਪੂਰੇ ਕਰਕੇ ਆਪ ਜੀ ਦਾ ਅਤੇ ਸੀ ਐਚ ਸੀ ਮਾਨਾਵਾਲਾ ਦਾ ਮਾਣ ਵਧਾਇਆ ਜਾਵੇਗਾ। ਸ੍ਰੀ ਸੋਰਵ ਸਰਮਾ ਜੀ ਨੇ ਕਿਹਾ ਕਿ ਡਾ ਜਸਪਾਲ ਸਿੰਘ ਜੀ ਬੜੇ ਇਮਾਨਦਾਰ ਕਾਬਿਲ ਅਤੇ ਹੋਣਹਾਰ ਅਫਸਰ ਸੀ ਐਚ ਸੀ ਮਾਨਾਵਾਲਾ ਨੂੰ ਮਿੱਲੇ ਹਨ ਅਤੇ ਇਹਨਾਂ ਦੀ ਰਹਿਨਮਾਈ ਹੇਠ ਹੋਰ ਸਚਾਰੂ ਤਰੀਕੇ ਨਾਲ ਕੰਮ ਹੋਣਗੇ ਅਤੇ ਪਬਲਿਕ ਨੂੰ ਵਧੀਆ ਸੁੱਖ ਸਹੂਲਤਾਂ ਮਿਲਣਗੀਆਂ। ਇਸ ਸਮੇਂ ਦੌਰਾਨ ਜਰਮਨਜੀਤ ਸਿੰਘ ਗਹਿਰੀ ਮੰਡੀ, ਜਤਿੰਦਰ ਸਿੰਘ ਠੱਠੀਆਂ, ਰਣਜੋਧ ਸਿੰਘ ਜੰਡਿਆਲਾ, ਦਵਿੰਦਰ ਸਿੰਘ ਛੱਜਲਵੱਡੀ, ਬਲਬੀਰ ਸਿੰਘ ਜੰਡ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੁਲੀਸ ਚੌਂਕੀ ਟਾਂਗਰਾ ਨੇ 6 ਗਰਾਮ ਹੈਰੋਇਨ 500 ਰੁਪੈ ਨਗਦ ਸਮੇਤ ਇਕ ਵਿਅਕਤੀ ਕਾਬੂ ਕੀਤਾ



ਜੰਡਿਆਲਾ ਗੁਰੂ 4 ਜੁਲਾਈ ( ਕੁਲਵੰਤ ਸਿੰਘ ਵਿਰਦੀ ) ਪੰਜਾਬ ਸਰਕਾਰ ਦੀਆਂ ਸਖਤ ਹਦਾਇਤਾਂ ਅਤੇ ਪੁਲੀਸ ਦੇ ਉਚ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ ਤੇ ਨਸ਼ਿਆਂ ਦੇ ਕਾਰੋਬਾਰ ਕਰਨ ਵਾਲਿਆਂ ,ਲੁਟਾਂ ਖੋਹਾਂ ਅਤੇ ਅਪਰਾਧਿਕ ਘਟਨਾਵਾਂ ਨੂੰ ਅੰਜਾਮ ਦੇਣ ਵਾਲਿਆਂ ਵਿਰੁਧ ਸਖਤ ਮਹਿੰਮ ਚਲਾਈ ਜਾ ਰਹੀ ਹੈ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪੁਲੀਸ ਚੌਂਕੀ ਟਾਂਗਰਾ ਦੇ ਇੰਨਚਾਰਜ ਏ ਐਸ ਆਈ ਨਰਿੰਦਰਪਾਲ ਸਿੰਘ ਨੇ ਦੱਸਿਆ ਕਿ ਭੈੜੇ ਪੁਰਸ਼ਾ ਦੀ ਤਲਾਸ਼ ਲਈ ਤਰਸਿਕਾ ਤੋਂ ਸੈਦੋਲੇਹਲ ,ਖਜਾਲਾ ਆਦਿ ਪਿੰਡਾਂ ਨੂੰ ਜਾ ਰਹੇ ਸੀ। ਪੁਲ ਸੂਆ ਤਰਸਿਕਾ ਦੇ ਖੜਾ ਇਕ ਨੌਂਜਵਾਨ ਪੁਲੀਸ ਪਾਰਟੀ ਨੂੰ ਵੇਖ ਕੇ ਖਿਸਕਣ ਲਗਾ ਅਤੇ ਆਪਣੀ ਜੇਬ ਵਿਚੋਂ ਇਕ ਪਾਰਦਰਸ਼ੀ ਮੋਮੀ ਲਿਫਾਫਾ ਸੁਟਣ ਲਗਾ। ਸਾਥੀ ਕਰਮਚਾਰੀਆਂ ਦੀ ਮਦਦ ਨਾਲ ਨੌਂਜਵਾਨ ਨੂੰ ਕਾਬੂ ਕੀਤਾ ਗਿਆ। ਪੁਛ ਗਿਛ ਕਰਨ ਤੇ ਆਪਣਾ ਨਾਮ ਅਜੈਪਾਲ ਸਿੰਘ ਉਰਫ ਅਜੈ ਪੁਤਰ ਨਿਸ਼ਾਨ ਸਿੰਘ ਵਾਸੀ ਪਿੰਡ ਖੁਜਾਲਾ ਦੱਸਿਆ। ਤਲਾਸ਼ੀ ਦੌਰਾਨ ਅਜੈਪਾਲ ਸਿੰਘ ਪਾਸੋਂ 6 ਗਰਾਮ ਹੈਰੋਇਨ 500 ਰੁਪੈ ਨਗਦ ਬਰਾਮਦ ਹੋਏ। ਪੁਲੀਸ ਥਾਣਾਂ ਤਰਸਿਕਾ ਮੁਕਦਮਾਂ ਨੰਬਰ 78 ਮਿਤੀ 2-7-2026 ਨੂੰ ਜੁਰਮ 21-27 ਏ 21-85 ਐਨ ਡੀ ਪੀ ਐਸ ਐਕਟ ਤਹਿਤ ਅਗਲੇਰੀ ਬਣਦੀ ਕਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ। ਇਸ ਸਮੇ ਏ ਐਸ ਆਈ ਭੁਪਿੰਦਰ ਸਿੰਘ, ਏ ਐਸ ਆਈ ਹਜ਼ਾਰਾ ਸਿੰਘ, ਸੀ ਟੀ ਰਫੀਕ ਮੁਹੰਮਦ, ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਜਨਮ ਦਿਨ ਮੁਬਾਰਕ

ਫਤਿਹਵੀਰ ਸਿੰਘ
ਮਾਤਾ ਅੰਮ੍ਰਿਤਪਾਲ ਕੌਰ
ਪਿਤਾ ਬਲਰਾਜ ਸਿੰਘ ਸ੍ਰੀ ਅੰਮ੍ਰਿਤਸਰ
ਨਾਨਾ ਪੱਤਰਕਾਰ ਕੁਲਵੰਤ ਸਿੰਘ ਵਿਰਦੀ

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬ ਸਰਕਾਰ ਦੱਸੇ

# ਸਿਹਤ ਡਾਇਰੈਕਟਰ ਨੂੰ ਨੌਕਰੀ ਵਾਧਾ ਕਿਹੜੇ ਕਾਨੂੰਨ ਤਹਿਤ : ਡਾ ਮੁਲਤਾਨੀ

**ਚੌਕ ਮਹਿਤਾ,4 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਾਬਕਾ ਸਿਵਲ ਸਰਜਨ ਅਤੇ ਸਮਾਜ ਸੇਵੀ ਡਾ. ਦਲੇਰ ਸਿੰਘ ਮੁਲਤਾਨੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਮੌਜੂਦਾ ਸਿਹਤ ਡਾਇਰੈਕਟਰ ਨੂੰ ਰਿਟਾਇਰਮੈਂਟ ਉਮਰ ਪੂਰੀ ਹੋਣ ਤੋਂ ਬਾਅਦ ਵੀ ਅਹੁਦੇ 'ਤੇ ਬਣਾਈ ਰੱਖਣ ਦੇ ਕਾਨੂੰਨੀ ਅਤੇ ਪ੍ਰਸ਼ਾਸਕੀ ਆਧਾਰ ਨੂੰ ਜਨਤਕ ਕੀਤਾ ਜਾਵੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ



ਆਵਾਜ਼ਿ ਕੌਮ AWAZE QAUM International Newspaper & WEB TV

ਵੱਲੋਂ 2020 ਵਿੱਚ ਜਾਰੀ ਨੀਤੀ ਅਨੁਸਾਰ ਏ, ਬੀ ਅਤੇ ਸੀ ਗਰੁੱਪ ਦੇ ਮੁਲਾਜ਼ਮਾਂ ਦੀ ਰਿਟਾਇਰਮੈਂਟ ਉਮਰ 58 ਸਾਲ ਨਿਰਧਾਰਤ ਕੀਤੀ ਗਈ ਹੈ। ਜੇ ਇਹ ਨੀਤੀ ਆਮ ਮੁਲਾਜ਼ਮਾਂ 'ਤੇ ਲਾਗੂ ਹੁੰਦੀ ਹੈ ਤਾਂ ਫਿਰ ਮੌਜੂਦਾ ਸਿਹਤ ਡਾਇਰੈਕਟਰ ਲਈ ਵੱਖਰਾ ਮਾਪਦੰਡ ਕਿਉਂ ਅਪਣਾਇਆ ਗਿਆ ਡਾ. ਮੁਲਤਾਨੀ ਨੇ ਕਿਹਾ ਕਿ ਜੇ ਸਰਕਾਰ ਨੇ ਕਿਸੇ ਵਿਸ਼ੇਸ਼ ਕਾਰਨ ਕਰਕੇ ਸੇਵਾ ਵਿੱਚ ਵਾਧਾ ਦਿੱਤਾ ਹੈ ਤਾਂ ਉਹ ਕਾਰਨ, ਨੋਟੀਫਿਕੇਸ਼ਨ ਅਤੇ ਯੋਗਤਾ ਦੇ ਮਾਪਦੰਡ ਵੀ ਲੋਕਾਂ ਸਾਹਮਣੇ ਰੱਖੇ ਜਾਣ। ਲੋਕਤੰਤਰ ਵਿੱਚ ਨਿਯਮਾਂ ਨਾਲੋਂ ਵੱਡਾ ਕੋਈ ਵਿਅਕਤੀ ਨਹੀਂ ਹੋ ਸਕਦਾ ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵਿੱਚ ਕਈ ਸੀਨੀਅਰ ਡਿਪਟੀ ਡਾਇਰੈਕਟਰ ਅਤੇ ਸਿਵਲ ਸਰਜਨ ਤਰੱਕੀ ਦੀ ਉਡੀਕ ਕਰ ਰਹੇ ਹਨ। ਇੱਕ ਅਹੁਦੇ 'ਤੇ ਲੰਬੇ ਸਮੇਂ ਤੱਕ ਇੱਕੋ ਵਿਅਕਤੀ ਨੂੰ ਬਣਾਈ ਰੱਖਣਾ ਨਾ ਸਿਰਫ਼ ਉਨ੍ਹਾਂ ਦੇ ਹੱਕਾਂ ਨੂੰ ਪ੍ਰਭਾਵਿਤ ਕਰਦਾ ਹੈ, ਸਗੋਂ ਪਾਰਦਰਸ਼ੀ ਪ੍ਰਸ਼ਾਸਨ ਉੱਤੇ ਵੀ ਸਵਾਲ ਖੜ੍ਹੇ ਕਰਦਾ ਹੈ।

ਡਾ. ਮੁਲਤਾਨੀ ਨੇ ਸਰਕਾਰ ਅੱਗੇ ਸਵਾਲ ਰੱਖੇ:

* ਕੀ ਸਰਕਾਰ ਕੋਲ ਇਸ ਅਹੁਦੇ ਲਈ ਹੋਰ ਕੋਈ ਯੋਗ ਡਾਕਟਰ ਨਹੀਂ

* ਕੀ ਮੌਜੂਦਾ ਡਾਇਰੈਕਟਰ ਨੇ ਅਜਿਹੀਆਂ ਅਸਾਧਾਰਣ ਪ੍ਰਾਪਤੀਆਂ ਕੀਤੀਆਂ ਹਨ ਜਿਨ੍ਹਾਂ ਕਰਕੇ ਨਿਯਮਾਂ ਤੋਂ ਛੋਟ ਦਿੱਤੀ ਗਈ ?

* ਕੀ ਸਰਕਾਰ ਆਪਣੀ ਹੀ ਰਿਟਾਇਰਮੈਂਟ ਨੀਤੀ ਤੋਂ ਹਟ ਕੇ ਕੰਮ ਕਰ ਰਹੀ ਹੈ ?

* ਕੀ ਇਸ ਫ਼ੈਸਲੇ ਨਾਲ ਸੀਨੀਅਰ ਅਧਿਕਾਰੀਆਂ ਦੇ ਤਰੱਕੀ ਦੇ ਅਧਿਕਾਰ ਪ੍ਰਭਾਵਿਤ ਨਹੀਂ ਹੋ ਰਹੇ ਉਨ੍ਹਾਂ ਕਿਹਾ ਕਿ ਉੱਚ ਅਹੁਦੇ ਦੀ ਅਸਲ ਗਰਿਮਾ ਨਿਯਮਾਂ ਦੀ ਪਾਲਣਾ, ਨਿਰਪੱਖਤਾ ਅਤੇ ਨੈਤਿਕਤਾ ਨਾਲ ਬਣਦੀ ਹੈ, ਨਾ ਕਿ ਅਹੁਦੇ 'ਤੇ ਬਣੇ ਰਹਿਣ ਨਾਲ।

ਡਾ. ਮੁਲਤਾਨੀ ਨੇ ਇਹ ਵੀ ਕਿਹਾ ਕਿ ਉਹ ਖੁਦ ਅਤੇ ਕੁਝ ਹੋਰ ਸਿਵਲ ਸਰਜਨਾਂ ਨੇ, ਭਾਵੇਂ ਨੌਕਰੀ ਵਾਧੇ ਦੀ ਸੰਭਾਵਨਾ ਮੌਜੂਦ ਸੀ, ਫਿਰ ਵੀ ਆਪਣੇ ਤੋਂ ਬਾਅਦ ਉਡੀਕ ਕਰ ਰਹੇ ਅਧਿਕਾਰੀਆਂ ਦੇ ਹਿੱਤ ਨੂੰ ਪਹਿਲ ਦਿੰਦਿਆਂ ਸੇਵਾ ਵਾਧਾ ਨਹੀਂ ਲਿਆ। ਉਨ੍ਹਾਂ ਕਿਹਾ ਕਿ ਇਹੀ ਪ੍ਰਸ਼ਾਸਕੀ ਮਰਿਆਦਾ ਅਤੇ ਜ਼ਮੀਰ ਦੀ ਆਵਾਜ਼ ਹੁੰਦੀ ਹੈ ਉਨ੍ਹਾਂ ਨੇ ਮੁੱਖ ਮੰਤਰੀ ਅਤੇ ਸਿਹਤ ਮੰਤਰੀ ਨੂੰ ਅਪੀਲ ਕੀਤੀ ਕਿ ਇਸ ਮਾਮਲੇ ਵਿੱਚ ਪੂਰੀ ਪਾਰਦਰਸ਼ਤਾ ਅਪਣਾਈ ਜਾਵੇ ਅਤੇ ਜੇਕਰ ਸੇਵਾ ਵਾਧਾ ਦਿੱਤਾ ਗਿਆ ਹੈ ਤਾਂ ਉਸ ਦਾ ਕਾਨੂੰਨੀ ਆਧਾਰ ਅਤੇ ਸਰਕਾਰੀ ਹੁਕਮ ਜਨਤਕ ਕੀਤੇ ਜਾਣ।

'ਲੋਕ ਮਿਲਣੀ' ਪ੍ਰੋਗਰਾਮਾਂ ਰਾਹੀਂ ਸਰਕਾਰ ਅਤੇ ਲੋਕਾਂ ਵਿਚਕਾਰ ਵਧਿਆ ਸਿੱਧਾ ਸੰਵਾਦ: ਦਲਵੀਰ ਸਿੰਘ ਢਿੱਲੋਂ

# ਲੋਕਾਂ ਦੀਆਂ ਮੁਸ਼ਕਲਾਂ ਦਾ ਸਮਾਂਬੱਧ ਹੱਲ ਯਕੀਨੀ ਬਣਾਉਣਾ ਮਾਨ ਸਰਕਾਰ ਦੀ ਮੁੱਖ ਤਰਜੀਹ

ਧੂਰੀ ( ਰਣਜੀਤ ਸਿੰਘ ਪੇਧਨੀ ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਈਸਾਪੁਰ ਦੇ ਸਰਪੰਚ ਜੋਰਾ ਸਿੰਘ ਦੀ ਅਗਵਾਈ ਹੇਠ ਲੋਕ ਮਿਲਣੀ ਦਾ ਪਰੋਗ੍ਰਾਮ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮੰਤਰੀ ਦਫ਼ਤਰ ਇੰਚਾਰਜ ਦਲਵੀਰ ਸਿੰਘ ਢਿੱਲੋਂ ਚੇਅਰਮੈਨ ਪੰਜਾਬ ਲਘੂ ਉਦਯੋਗ ਨਿਗਮ ਪੰਜਾਬ ਵਿਸ਼ੇਸ ਤੌਰ 'ਤੇ ਸਾਮਿਲ ਹੋਏ। ਚੇਅਰਮੈਨ ਢਿੱਲੋਂ ਨੇ ਲੋਕ ਮਿਲਣੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਪੱਖੀ ਪ੍ਰਸ਼ਾਸਨ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਅਤੇ ਹਰ ਯੋਗ ਸਮੱਸਿਆ ਦਾ ਸਮੇਂ ਸਿਰ ਨਿਪਟਾਰਾ ਯਕੀਨੀ ਬਣਾਇਆ ਜਾ ਰਿਹਾ ਹੈ। ਢਿੱਲੋਂ ਨੇ ਕਿਹਾ ਕਿ 'ਲੋਕ ਮਿਲਣੀ' ਪ੍ਰੋਗਰਾਮਾਂ ਦਾ ਉਦੇਸ਼ ਸਰਕਾਰ ਅਤੇ ਲੋਕਾਂ ਵਿਚਕਾਰ ਸਿੱਧਾ ਸੰਵਾਦ ਸਥਾਪਤ ਕਰਨਾ ਹੈ ਤਾਂ ਜੋ ਲੋਕਾਂ ਨੂੰ ਆਪਣੇ ਕੰਮਾਂ ਲਈ ਸਰਕਾਰੀ ਦਫ਼ਤਰਾਂ ਦੇ ਵਾਰ-ਵਾਰ ਚੱਕਰ ਨਾ ਕੱਟਣੇ ਪੈਣ। ਉਨ੍ਹਾਂ ਕਿਹਾ ਕਿ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਨਵੀਆਂ ਵਿਕਾਸ ਯੋਜਨਾਵਾਂ ਵੀ ਲਾਗੂ ਕੀਤੀਆਂ ਜਾ ਰਹੀਆਂ ਹਨ।




ਉਨ੍ਹਾਂ ਨੇ ਹਾਜ਼ਰ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਵੱਲੋਂ ਉਠਾਏ ਗਏ ਹਰ ਜਾਇਜ਼ ਮਸਲੇ ਦਾ ਤੁਰੰਤ ਅਤੇ ਨਿਯਮਾਂ ਅਨੁਸਾਰ ਨਿਪਟਾਰਾ ਕੀਤਾ ਜਾਵੇ, ਤਾਂ ਜੋ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਬੇਲੋੜੀ ਖੱਜਲ-ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਸੁਚਾਰੂ, ਪਾਰਦਰਸ਼ੀ ਅਤੇ ਜਵਾਬਦੇਹ ਪ੍ਰਸ਼ਾਸਨ ਦੇਣਾ ਹੈ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾਂ, ਟਰੇਡ ਕਮਿਸ਼ਨ ਦੇ ਚੇਅਰਮੈਨ ਪੁਸ਼ਿਪੰਦਰ ਸ਼ਰਮਾ, ਆਪ ਆਗੂ ਕੈਵਲ ਸਿੰਘ ਘਨੌਰੀ, ਅਮਨ ਖਾਨ ਘਨੌਰੀ ਮੈਬਰ ਟਰੇਡ ਯੂਨੀਅਨ ਧੂਰੀ,ਜਾਫਰ ਅਲੀ ਪੰਚ, ਪੰਥਦੀਪ ਸਿੰਘ ਪੰਚ ,ਅਮਰਜੀਤ ਕੌਰ ਪੰਚ , ਕਰਮਤੇ ਪੰਚ, ਸਵਰਨਜੀਤ ਕੌਰ ਪੰਚ, ਬੇਅੰਤ ਸਿੰਘ ਪੰਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬ ਸਰਕਾਰ ਨੇ ਆਪਣੀਆਂ ਚੋਣ ਗਾਰੰਟੀਆਂ ਪੂਰੀਆਂ ਕੀਤੀਆਂ, ਲੋਕ ਮੁੜ ਆਮ ਆਦਮੀ ਪਾਰਟੀ 'ਤੇ ਭਰੋਸਾ ਜਤਾਉਣਗੇ: ਹਰਭਜਨ ਸਿੰਘ ਈ.ਟੀ.ਓ.

# ਹਲਕਾ ਦੇ ਪਿੰਡਾਂ 'ਚ ਪਬਲਿਕ ਦੀਆਂ ਸਮੱਸਿਆਵਾਂ ਸੁਣ ਕੇ ਅਧਿਕਾਰੀਆਂ ਨੂੰ ਤੁਰੰਤ ਹੱਲ ਲਈ ਦਿੱਤੇ ਨਿਰਦੇਸ਼

**ਜੰਡਿਆਲਾ ਗੁਰੂ 4 ਜੁਲਾਈ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਅਧੀਨ ਪੈਂਦੇ ਪਿੰਡ ਤਰਸਿਕਾ ਅਤੇ ਰਸੂਲਪੁਰ ਖੁਰਦ ਵਿਖੇ ਲੋਕ ਮਿਲਣੀ ਪ੍ਰੋਗਰਾਮ ਕਰਵਾਏ ਗਏ। ਇਸ ਦੌਰਾਨ ਉਨ੍ਹਾਂ ਨੇ ਇਲਾਕਾ ਵਾਸੀਆਂ ਨਾਲ ਸਿੱਧਾ

ਆਵਾਜ਼ਿ ਕੌਮ AWAZE QAUM International Newspaper & WEB TV

ਸੰਵਾਦ ਕਰਦਿਆਂ ਉਨ੍ਹਾਂ ਦੀਆਂ ਮੁਸ਼ਕਿਲਾਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ ਅਤੇ ਮੌਕੇ 'ਤੇ ਮੌਜੂਦ ਸਬੰਧਤ ਅਧਿਕਾਰੀਆਂ ਨੂੰ ਯੋਗ ਅਤੇ ਸਮੇਂ ਸਿਰ ਨਿਪਟਾਰਾ ਯਕੀਨੀ ਬਣਾਉਣ ਲਈ ਲੋੜੀਂਦੇ ਨਿਰਦੇਸ਼ ਦਿੱਤੇ।ਇਸ ਮੌਕੇ ਭਰਵੇਂ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਆਪਣੇ ਵਾਅਦਿਆਂ ਅਤੇ ਚੋਣ ਗਾਰੰਟੀਆਂ ਨੂੰ ਪੂਰਾ ਕਰਨ ਲਈ ਲਗਾਤਾਰ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਵਿਕਾਸ ਕਾਰਜਾਂ ਦੇ ਆਧਾਰ 'ਤੇ ਸੂਬੇ ਦੇ ਲੋਕ ਇੱਕ ਵਾਰ ਫਿਰ ਆਮ ਆਦਮੀ ਪਾਰਟੀ 'ਤੇ ਭਰੋਸਾ ਪ੍ਰਗਟ ਕਰਨਗੇ।ਉਨ੍ਹਾਂ ਕਿਹਾ ਕਿ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਪੰਜਾਬ ਦੀਆਂ ਮਹਿਲਾਵਾਂ ਨੂੰ ਦਿੱਤੀ ਜਾ ਰਹੀ ਸਨਮਾਨ ਰਾਸ਼ੀ ਨੂੰ ਭਰਵਾਂ ਹੁੰਗਾਰਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਇਹ ਯੋਜਨਾ ਮਹਿਲਾਵਾਂ ਦੇ ਸਨਮਾਨ ਅਤੇ ਆਰਥਿਕ ਸਸ਼ਕਤੀਕਰਨ ਵੱਲ ਇੱਕ ਇਤਿਹਾਸਕ ਕਦਮ ਹੈ ਅਤੇ ਇਸ ਨਾਲ ਸੂਬੇ ਦੀਆਂ ਲੱਖਾਂ ਔਰਤਾਂ ਨੂੰ ਸਿੱਧਾ ਲਾਭ ਮਿਲੇਗਾ।ਕਾਂਗਰਸ ਪਾਰਟੀ ਬਾਰੇ ਗੱਲ ਕਰਦਿਆਂ ਸ੍ਰੀ ਈ.ਟੀ.ਓ. ਨੇ ਕਿਹਾ ਕਿ ਕਾਂਗਰਸੀ ਆਗੂ ਆਪਸੀ ਖਿੱਚੋਤਾਣ ਅਤੇ ਚੌਧਰ ਦੀ ਲੜਾਈ ਵਿੱਚ ਹੀ ਉਲਝੇ ਹੋਏ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਲਈ ਨਾ ਤਾਂ ਪੰਜਾਬ ਦੇ ਵਿਕਾਸ ਦੀ ਕੋਈ ਸਪੱਸ਼ਟ ਦਿਸ਼ਾ ਹੈ ਅਤੇ ਨਾ ਹੀ ਲੋਕਾਂ ਦੇ ਮੁੱਦਿਆਂ ਦੀ ਕੋਈ ਅਹਿਮੀਅਤ ਹੈ ਉਨ੍ਹਾਂ ਕਿਹਾ ਕਿ ਕਾਂਗਰਸ ਕੋਲ ਸੂਬੇ ਦੇ ਸਰਵਪੱਖੀ ਵਿਕਾਸ ਲਈ ਕੋਈ ਰੋਡਮੈਪ ਜਾਂ ਦੂਰਅੰਦੇਸ਼ੀ ਨਹੀਂ ਹੈ ਅਤੇ ਉਹ ਸਿਰਫ਼ ਆਪਣੇ ਨਿੱਜੀ ਹਿੱਤਾਂ ਨੂੰ ਤਰਜੀਹ ਦਿੰਦੇ ਹਨ। ਇਸ ਦੇ ਉਲਟ ਆਮ ਆਦਮੀ ਪਾਰਟੀ ਇੱਕ ਆਮ ਲੋਕਾਂ ਦੀ ਪਾਰਟੀ ਹੈ, ਜਿਸ ਦੀ ਸਰਕਾਰ ਹਰ ਵਰਗ ਦੀ ਭਲਾਈ, ਪਾਰਦਰਸ਼ੀ ਪ੍ਰਸ਼ਾਸਨ ਅਤੇ ਵਿਕਾਸ ਨੂੰ ਆਪਣੀ ਸਭ ਤੋਂ ਵੱਡੀ ਤਰਜੀਹ ਮੰਨ ਕੇ ਕੰਮ ਕਰ ਰਹੀ ਹੈ।ਲੋਕ ਮਿਲਣੀ ਪ੍ਰੋਗਰਾਮ ਦੌਰਾਨ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ, ਪਾਰਟੀ ਆਗੂ, ਪੰਚਾਇਤੀ ਨੁਮਾਇੰਦੇ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।






# ਮੁਹੱਲਾ ਨਿਵਾਸੀਆਂ ਵੱਲੋਂ ਸੜਕ ਉਪਰ ਸਪੀਡ ਬਰੇਕਰ ਲਗਾਉਣ ਦੀ ਮੰਗ




**ਜੰਡਿਆਲਾ ਗੁਰੂ, 4 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਠਠਿਆਰਾਂ ਗੇਟ ਦੇ ਬਾਹਰ ਇਕ ਤਰਨਤਾਰਨ ਰੋਡ ਨੂੰ ਸੜਕ ਨਿਕਲਦੀ ਹੈ ਅਤੇ ਦੂਸਰੀ ਗਰੇਸ ਪਬਲਿਕ ਸਕੂਲ ਵੱਲ, ਇਕ ਨਾਲ ਹੀ ਗਲੀ ਮੁਹੱਲਾ ਮੋਰੀ ਗੇਟ ਨੂੰ ਨਿਕਲਦੀ ਹੈ ਅਤੇ ਗੇਟ ਦੇ ਅੰਦਰ ਬਰਤਨ ਬਾਜ਼ਾਰ ਸਥਿਤ ਹੈ । ਚਾਰ ਰਸਤੇ ਹੋਣ ਦੇ ਕਾਰਨ ਇਸ ਚੌਂਕ ਵਿਚ ਰੋਜ਼ਾਨਾ ਕਾਫੀ ਆਵਾਜਾਈ ਰਹਿੰਦੀ ਹੈ ਅਤੇ ਗੇਟ ਦੇ ਬਾਹਰ ਦੋ ਮੋੜ ਹੋਣ ਦੇ ਕਾਰਨ ਆਏ ਦਿਨ ਕੋਈ ਨਾ ਕੋਈ ਹਾਦਸਾ ਹੁੰਦਾ ਰਹਿੰਦਾ ਹੈ ਚਾਹੇ ਉਹ ਦੋ ਪਹੀਆ ਵਾਹਨਾਂ ਦੀ ਆਪਸੀ ਟੱਕਰ ਹੋਵੇ ਜਾਂ ਕਿਸੇ ਕਾਰ ਜੀਪ ਟੈਂਪੂ ਆਦਿ ਨਾਲ ਹੁੰਦੀ ਰਹਿੰਦੀ ਹੈ ।ਹਾਦਸਿਆਂ ਦਾ ਮੁੱਖ ਕਾਰਨ ਦੋ ਪਹੀਆ ਵਾਹਨ ਹੀ ਹੁੰਦੇ ਹਨ ਜੋ ਤੇਜ ਰਫਤਾਰ ਵਿਚ ਆਉਂਦੇ ਹਨ ਅਤੇ ਮੋੜ ਤੋਂ ਵੀ ਹੌਲੀ ਨਹੀਂ ਕਰਦੇ ਅਤੇ ਦੂਸਰੀ ਸਾਈਡ ਤੋਂ ਆ ਰਹੀ ਗੱਡੀ ਨਾਲ ਆਹਮਣੇ ਸਾਹਮਣੇ ਟਕਰਾ ਜਾਂਦੇ ਹਨ । ਬੀਤੇ ਕਲ੍ਹ ਵੀ ਇਕ ਐਕਟਿਵਾ ਸਵਾਰ ਮਹਿਲਾ ਇਕ ਸਾਈਡ ਤੋਂ ਆਕੇ ਤਰਨਤਾਰਨ ਰੋਡ ਵੱਲ ਜਦ ਮੁੜਨ ਲੱਗੀ ਤਾਂ ਸਾਹਮਣੇ ਤੋਂ ਆ ਰਹੀ ਕਾਰ ਨਾਲ ਜਾ ਟਕਰਾਈ ਅਤੇ ਥੱਲੇ ਡਿੱਗ ਗਈ ਪਰ ਕਿਸੇ ਕਿਸਮ ਦਾ ਕੋਈ ਨੁਕਸਾਨ ਨਹੀਂ ਹੋਇਆ । ਮੁਹੱਲਾ ਨਿਵਾਸੀਆਂ ਨੇ ਦਸਿਆ ਕਿ ਪਹਿਲਾਂ ਇਥੇ ਦੋਨੋ ਸਾਈਡ ਸਪੀਡ ਬਰੇਕਰ ਬਣੇ ਹੋਏ ਸਨ ਇਕ ਤਰਨਤਾਰਨ ਰੋਡ ਨੂੰ ਜਾਂਦੇ ਰਸਤੇ ਦੁੱਧ ਵਾਲੀ ਡੇਅਰੀ ਦੇ ਸਾਹਮਣੇ ਅਤੇ ਇਕ ਦੂਸਰੀ ਸਾਈਡ ਟ੍ਰਾਂਸਫਾਰਮਰ ਦੇ ਨਾਲ, ਜੋ ਕਿ ਨਵੀਂ ਸੜਕ ਬਣਨ ਦੌਰਾਨ ਤੋੜ ਦਿੱਤੇ ਗਏ ਸਨ । ਮੁਹੱਲਾ ਨਿਵਾਸੀਆਂ ਦੀ ਨਗਰ ਕੌਂਸਲ ਅਧਿਕਾਰੀਆਂ ਕੋਲ ਮੰਗ ਹੈ ਕਿ ਪਹਿਲਾਂ ਦੀ ਤਰ੍ਹਾਂ ਦੋਨੋ ਸਾਈਡ ਫਿਰ ਤੋਂ ਸਪੀਡ ਬਰੇਕਰ ਲਗਾਏ ਜਾਣ ਤਾਂ ਜੋ ਰੋਜ਼ਾਨਾ ਹੁੰਦੇ ਹਾਦਸਿਆਂ ਨੂੰ ਰੋਕਿਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਝੂਠੀਆਂ ਰਾਜਨੀਤਿਕ ਲਹਿਰਾਂ ਤੋਂ ਬਚਦਿਆਂ, ਸਮਾਨਤਾ ਦੀ ਲੜਾਈ ਨੂੰ ਕੀਤਾ ਜਾਏ ਮਜ਼ਬੂਤ: ਜੀਵਨ ਸਿੰਘ ਤਾਮਿਲ

ਨਵੀਂ ਦਿੱਲੀ, 4 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਬਹੁਜਨ ਦ੍ਰਾਵਿੜ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਸਰਦਾਰ ਜੀਵਨ ਸਿੰਘ ਤਾਮਿਲ ਨੇ ਇੱਕ ਤਿੱਖਾ ਬਿਆਨ ਜਾਰੀ ਕਰਦਿਆਂ ਦੇਸ਼ ਦੇ ਨੌਜਵਾਨਾਂ, ਖ਼ਾਸ ਕਰਕੇ ਸਿੱਖ, ਦਲਿਤ ਅਤੇ ਪਿੱਛੜੇ ਵਰਗਾਂ ਦੇ ਨੌਜਵਾਨਾਂ ਨੂੰ ਭਾਵਨਾਤਮਕ ਅਤੇ ਭਰਮਾਉਣ ਵਾਲੀਆਂ ਰਾਜਨੀਤਿਕ ਲਹਿਰਾਂ ਤੋਂ ਸਾਵਧਾਨ ਰਹਿਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਦੀ ਵਿਚਾਰਧਾਰਾ ਮਨੁੱਖੀ ਬਰਾਬਰੀ, ਸਮਾਜਿਕ ਨਿਆਂ ਅਤੇ ਜਾਤੀਵਾਦ ਦੇ ਖ਼ਾਤਮੇ ਦਾ ਸੰਦੇਸ਼ ਦਿੰਦੀ ਹੈ, ਜਿਸ ਤੋਂ ਭਟਕਣਾ ਸਮਾਜ ਲਈ ਨੁਕਸਾਨਦੇਹ ਹੋਵੇਗੀ।



ਆਵਾਜ਼ਿ ਕੌਮ AWAZE QAUM International Newspaper & WEB TV

ਸਰਦਾਰ ਜੀਵਨ ਸਿੰਘ ਤਾਮਿਲ ਨੇ ਕਿਹਾ ਕਿ ਦੇਸ਼ ਦੀਆਂ ਸਮਾਜਿਕ ਅਤੇ ਆਰਥਿਕ ਸਮੱਸਿਆਵਾਂ ਦਾ ਹੱਲ ਕੇਵਲ ਨਵੇਂ ਨਾਅਰਿਆਂ ਜਾਂ ਭਾਵਨਾਤਮਕ ਰਾਜਨੀਤੀ ਨਾਲ ਨਹੀਂ ਨਿਕਲ ਸਕਦਾ। ਉਨ੍ਹਾਂ ਦਾਅਵਾ ਕੀਤਾ ਕਿ ਕੁਝ ਨਵੀਆਂ ਰਾਜਨੀਤਿਕ ਤਾਕਤਾਂ ਲੋਕਾਂ ਦਾ ਧਿਆਨ ਅਸਲ ਮੁੱਦਿਆਂ ਤੋਂ ਭਟਕਾ ਕੇ ਆਪਣੇ ਸਿਆਸੀ ਮਕਸਦ ਪੂਰੇ ਕਰਨ ਦੀ ਕੋਸ਼ਿਸ਼ ਕਰ ਰਹੀਆਂ ਹਨ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਰਾਜਨੀਤਿਕ ਲਹਿਰ ਦਾ ਸਮਰਥਨ ਕਰਨ ਤੋਂ ਪਹਿਲਾਂ ਉਸ ਦੀ ਵਿਚਾਰਧਾਰਾ ਅਤੇ ਇਤਿਹਾਸ ਦਾ ਗੰਭੀਰਤਾ ਨਾਲ ਅਧਿਐਨ ਕਰਨ। ਉਨ੍ਹਾਂ ਕਿਹਾ ਕਿ ਬਹੁਜਨ ਸਮਾਜ ਨੂੰ ਆਪਣੇ ਅਧਿਕਾਰਾਂ, ਸਮਾਜਿਕ ਨਿਆਂ ਅਤੇ ਸੰਵਿਧਾਨਕ ਬਰਾਬਰੀ ਲਈ ਸੰਗਠਿਤ ਹੋ ਕੇ ਸੰਘਰਸ਼ ਕਰਨਾ ਚਾਹੀਦਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਦੇਸ਼ ਵਿੱਚ ਜਾਤੀਵਾਦ ਅਤੇ ਸਮਾਜਿਕ ਅਸਮਾਨਤਾ ਨੂੰ ਕਾਇਮ ਰੱਖਣ ਵਾਲੀਆਂ ਤਾਕਤਾਂ ਵੱਖ-ਵੱਖ ਰੂਪਾਂ ਵਿੱਚ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰਦੀਆਂ ਰਹੀਆਂ ਹਨ, ਜਿਨ੍ਹਾਂ ਨੂੰ ਪਛਾਣਨਾ ਸਮੇਂ ਦੀ ਲੋੜ ਹੈ। ਬਹੁਜਨ ਦ੍ਰਾਵਿੜ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨੇ ਕਿਹਾ ਕਿ ਮਾਨਯਵਰ ਕਾਂਸ਼ੀਰਾਮ, ਥੰਥਾਈ ਪੇਰੀਆਰ ਅਤੇ ਸਿੱਖ ਗੁਰੂ ਸਾਹਿਬਾਨ ਦੀ ਵਿਚਾਰਧਾਰਾ ਸਮਾਜਿਕ ਬਰਾਬਰੀ ਅਤੇ ਮਨੁੱਖੀ ਸਨਮਾਨ ਦਾ ਮਾਰਗ ਦਿਖਾਉਂਦੀ ਹੈ। ਉਨ੍ਹਾਂ ਬਹੁਜਨ ਸਮਾਜ ਨੂੰ ਏਕਤਾ, ਜਾਗਰੂਕਤਾ ਅਤੇ ਸੰਗਠਿਤ ਸੰਘਰਸ਼ ਰਾਹੀਂ ਆਪਣੇ ਹੱਕਾਂ ਦੀ ਲੜਾਈ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਲੋਕਾਂ ਨੂੰ ਭਾਵਨਾਤਮਕ ਨਾਅਰਿਆਂ ਦੀ ਬਜਾਏ ਵਿਚਾਰਧਾਰਕ ਅਤੇ ਲੋਕ-ਹਿੱਤ ਵਾਲੀ ਰਾਜਨੀਤੀ ਨੂੰ ਤਰਜੀਹ ਦੇਣੀ ਚਾਹੀਦੀ ਹੈ।

# ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਦੀ ਦਿਸ਼ਾ 'ਚ ਜ਼ਿਲ੍ਹਾ ਰੈਡ ਕਰਾਸ ਦਾ ਵਿਸ਼ੇਸ਼ ਕਦਮ, 'ਪ੍ਰੋਜੈਕਟ ਪਹਿਚਾਣ' ਦੀ ਸ਼ੁਰਆਤ

**ਹੁਸ਼ਿਆਰਪੁਰ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਆਸ਼ਿਕਾ ਜੈਨ ਦੀ ਅਗਵਾਈ ਵਿਚ ਜ਼ਿਲ੍ਹੇ ਦੀਆਂ ਲੜਕੀਆਂ ਅਤੇ ਮਹਿਲਾਵਾਂ ਦੇ ਸਸ਼ਕਤੀਕਰਨ ਅਤੇ ਆਰਥਿਕ ਆਤਮਨਿਰਭਰਤਾ ਨੂੰ ਬੜ੍ਹਾਵਾ ਦੇਣ ਦੇ ਉਦੇਸ਼ ਨਾਲ ਇਕ ਵਿਸ਼ੇਸ਼ ਪਹਿਲ ਤਹਿਤ 'ਪ੍ਰੋਜੈਕਟ ਪਹਿਚਾਣ' ਦੀ ਸ਼ੁਰੂਆਤ ਕੀਤੀ ਗਈ ਹੈ। ਇਹ ਪ੍ਰੋਜੈਕਟ ਉਸ਼ਾ ਸਾਂਗਵਾਨ ਦੇ ਵਿਸ਼ੇਸ਼ ਸਹਿਯੋਗ ਨਾਲ ਸ਼ੁਰੂ ਕੀਤਾ ਗਿਆ ਹੈ, ਜੋ ਸੋਨਾਲੀਕਾ ਗਰੁੱਪ ਦੇ ਸੰਸਥਾਪਕ ਡਾ. ਲਕਸ਼ਮਣ ਦਾਸ ਮਿੱਤਲ ਦੀ ਪੁੱਤਰੀ ਹੈ ਅਤੇ ਭਾਰਤੀਆ ਜੀਵਨ ਬੀਮਾ ਨਿਗਮ ਦੇ ਇਤਿਹਾਸ ਵਿਚ ਪਹਿਲੀ ਮਹਿਲਾ ਪ੍ਰਬੰਧ ਨਿਰਦੇਸ਼ਕ ਰਹਿਣ ਦਾ ਗੌਰਵ ਪ੍ਰਾਪਤ ਕਰ ਚੁੱਕੀ ਹੈ। ਉਸ਼ਾ ਸਾਂਗਵਾਨ ਦੇਸ਼ ਦੀ ਮੋਹਰੀ ਮਹਿਲਾ ਕਾਰੋਬਾਰੀ ਹੱਸਤੀਆਂ ਵਿਚ ਸ਼ਾਮਲ ਹੈ। ਉਨ੍ਹਾਂ ਦਾ ਨਾਮ ਵਿਸ਼ਵ ਪ੍ਰਸਿੱਧ ਫੋਬਰਸ ਦੀ ਏਸ਼ੀਆ ਦੀ 50 ਸਭ ਤੋਂ ਪ੍ਰਭਾਵਸ਼ਾਲੀ ਮਹਿਲਾਵਾਂ ਦੀ ਸੂਚੀ ਵਿਚ ਸ਼ਾਮਲ ਹੋ ਚੁੱਕਾ ਹੈ। ਇਸ ਤੋਂ ਇਲਾਵਾ ਇਹ ਨੀਤੀ ਆਯੋਗ ਦੇ ਮਹਿਲਾ ਸਸ਼ਕਤੀਕਰਨ ਪ੍ਰੋਗਰਾਮਾਂ ਵਿਚ ਵੀ ਮੋਹਰੀ ਰੂਪ ਵਿਚ ਜੁੜੀ ਹੋਈ ਹੈ। ਉਨ੍ਹਾਂ ਦੇ ਮਾਰਗਦਰਸ਼ਨ ਅਤੇ ਪ੍ਰੇਨਣਾ ਨਾਲ ਸ਼ੁਰੂ ਕੀਤੇ ਗਏ ਇਸ ਪ੍ਰੋਜੈਕਟ ਦਾ ਮੁੱਖ ਉਦੇਸ਼ ਮਹਿਲਾਵਾ ਨੂੰ ਆਤਮਨਿਰਭਰ ਬਣਾ ਕੇ ਉਨ੍ਹਾਂ ਨੂੰ ਆਰਥਿਕ ਅਤੇ ਸਮਾਜਿਕ ਤੌਰ 'ਤੇ ਮਜ਼ਬੂਤ ਬਣਾਉਣਾ ਹੈ। ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਦੇ ਸਕੱਤਰ ਮੰਗੇਸ਼ ਸੂਦ ਨੇ ਦੱਸਿਆ ਕਿ 'ਪ੍ਰੋਜੈਕਟ ਪਹਿਚਾਣ' ਦਾ ਮੁੱਖ ਉਦੇਸ਼ ਮਹਿਲਾਵਾਂ ਅਤੇ ਲੜਕੀਆਂ ਦੇ ਦਰਮਿਆਨ ਸਟਾਰਟ-ਅਪ ਸੰਸਕ੍ਰਿਤੀ ਨੂੰ ਬੜ੍ਹਾਵਾ ਦੇਣਾ ਹੈ। ਇਸ ਤਹਿਤ ਰੈਡ ਕਰਾਸ ਵੋਕੇਸ਼ਨਲ ਲਰਨਿੰਗ ਸੈਂਟਰ ਦੀਆਂ 5 ਪ੍ਰਤੀਭਾਸ਼ਾਲੀ ਅਤੇ ਜ਼ਰੂਰਤਮੰਦ ਵਿਦਿਆਰਥਣਾਂ ਮਨੀਸ਼ਾ, ਹਰਪ੍ਰੀਤ ਕੌਰ, ਮੋਨਿਕਾ, ਅੰਮ੍ਰਿਤ ਅਤੇ ਕਾਲਜ ਨੂੰ ਘਰ ਤੋਂ ਹੀ ਸਵੈਰੋਜ਼ਗਾਰ ਸ਼ੁਰੂ ਕਰਨ ਲਈ ਮੋਟਰਾਈਜ਼ਡ ਅੰਬਰੇਲਾ ਮਸ਼ੀਨ, ਇੰਟਰਲਾਕਿੰਗ ਮਸ਼ੀਨ, ਸਟੀਮ ਪ੍ਰੈਸ ਅਤੇ ਆਇਰਨ ਪ੍ਰੈਸ ਉਪਲਬੱਧ ਕਰਵਾਈ ਗਈ ਹੈ। ਇਨ੍ਹਾਂ ਮਸ਼ੀਨਾਂ ਦੀ ਸਹਾਇਤਾ ਨਾਲ ਇਹ ਵਿਦਿਆਰਥਣਾਂ ਘਰ ਬੈਠੇ ਹੀ ਆਪਣੀ ਰੋਜ਼ੀ ਰੋਟੀ ਕਮਾਉਣ ਅਤੇ ਆਤਮਨਿਰਭਰ ਬਣਾਉਣ ਦੀ ਦਿਸ਼ਾ ਵਿਚ ਅੱਗੇ ਵੱਧਣਗੀਆਂ।

# ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ **ਸਰਦਾਰ ਮੇਜਰ ਸਿੰਘ ਜੀ ਰੰਧਾਵਾ (ਸਾਬਕਾ ਸਰਪੰਚ) ਮਿਤੀ 27-06-2026 ਨੂੰ ਸਦੀਵੀ ਵਿਛੋੜਾ ਦੇ ਗਏ ਹਨ,** ਉਨ੍ਹਾਂ ਦੇ ਨਮਿਤ **ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਭੋਗ ਮਿਤੀ 06-07-2026 ਦਿਨ ਸੋਮਵਾਰ** ਨੂੰ ਉਹਨਾਂ ਦੇ ਗ੍ਰਹਿ **ਰੰਧਾਵਾ ਫਾਰਮ ਹਾਊਸ, ਪਿੰਡ ਬੁਲਾਰਾ** ਵਿਖੇ ਪਾਏ ਜਾਣਗੇ, ਉਪਰੰਤ ਕੀਰਤਨ ਅਤੇ ਸ਼ਰਧਾਂਜਲੀ ਸਮਾਰੋਹ ਬਾਬਾ ਸਾਵਣ ਮੱਲ ਜੀ ਦੇ ਗੁਰਦੁਆਰਾ ਸਾਹਿਬ, ਪਿੰਡ ਬੁਲਾਰਾ ਵਿਖੇ 12.00 ਤੋਂ 1.00 ਵਜੇ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਦੁਖੀ ਹਿਰਦੇ

ਸ. ਚੈਂਚਲ ਸਿੰਘ ਰੰਧਾਵਾ (ਭਰਾ)
ਮਾਸਟਰ ਸਾਹਿਬ ਸਿੰਘ (ਭਤੀਜਾ)
ਹੇਮੰਤ ਸਿੰਘ ਆੜ੍ਹਤੀਆ (ਭਤੀਜਾ)
ਦਲੇਰ ਸਿੰਘ (ਭਤੀਜਾ)

ਗੁਰਨੇਕ ਸਿੰਘ-ਵਰਿੰਦਰਜੀਤ ਕੌਰ (ਪੁੱਤਰ-ਨੂੰਹ)
ਮਨਜਿੰਦਰ ਸਿੰਘ-ਸੰਦੀਪ ਕੌਰ (ਅਸਟ੍ਰੇਲੀਆ) (ਪੁੱਤਰ-ਨੂੰਹ)
ਰਾਜਵਿੰਦਰ ਕੌਰ-ਬਰਿੰਦਰ ਸਿੰਘ (ਆਸਟ੍ਰੇਲੀਆ) ਧੀ-ਜਵਾਈ
ਸਰਬਜੀਤ ਕੌਰ, ਗੁਰਮੀਤ ਸਿੰਘ (ਧੀ-ਜਵਾਈ)

**ਸੰਪਰਕ : 98162-01029, 99146-51100, 78889-32195**





★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243